ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਮੰਗਲਵਾਰ, 5 ਨਵੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੦ ਕੱਤਕ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਮੁੜ ਮਾਸਕ ਪਾਉਣਾ ਹੋਇਆ ਜ਼ਰੂਰੀ, ਹਵਾ ਦੀ ਖ਼ਰਾਬ ਗੁਣਵੱਤਾ ਨੂੰ ਵੇਖਦਿਆਂ ਸਿਹਤ ਮਹਿਕਮੇ ਵੱਲੋਂ ਹਦਾਇਤਾਂ ਜਾਰੀ

**ਚੰਡੀਗੜ੍ਹ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਹਵਾ ਪ੍ਰਦੂਸ਼ਣ 'ਚ ਤੇਜ਼ੀ ਨਾਲ ਵਾਧਾ ਹੋਣ ਕਾਰਨ ਸਾਹ ਦੇ ਮਰੀਜ਼ਾਂ ਦੀ ਗਿਣਤੀ ਵੀ ਵਧ ਰਹੀ ਹੈ, ਕਿਉਂਕਿ ਜਿਸ ਹਵਾ 'ਚ ਅਸੀਂ ਸਾਹ ਲੈ ਰਹੇ ਹਾਂ, ਉਹ ਬਹੁਤ ਜ਼ਿਆਦਾ ਪ੍ਰਦੂਸ਼ਿਤ ਹੋ ਚੁੱਕੀ ਹੈ। ਮਾਹਿਰਾਂ ਦੀ ਸਲਾਹ ਹੈ ਕਿ ਬਿਨਾਂ ਮਾਸਕ ਦੇ ਇਸ ਹਵਾ 'ਚ ਸਾਹ ਲੈਣਾ ਸਾਡੇ ਲਈ ਬਹੁਤ ਨੁਕਸਾਨਦੇਹ ਹੈ। ਅਜਿਹੇ 'ਚ ਇਹ ਜਾਣਨਾ ਜ਼ਰੂਰੀ ਹੈ ਕਿ ਇਸ ਵਧਦੇ ਪ੍ਰਦੂਸ਼ਣ ਤੋਂ ਕਿਵੇਂ ਬਚਣਾ ਹੈ। ਹਾਲਾਂਕਿ ਹਵਾ ਪ੍ਰਦੂਸ਼ਣ ਹਰ ਕਿਸੇ ਨੂੰ ਪ੍ਰਭਾਵਿਤ ਕਰਦਾ ਹੈ ਪਰ ਇਹ ਬੱਚਿਆਂ ਅਤੇ ਬਜ਼ੁਰਗਾਂ ਨੂੰ ਸਭ ਤੋਂ ਵੱਧ ਪ੍ਰਭਾਵਿਤ ਕਰਦਾ ਹੈ ਕਿਉਂਕਿ ਇਹ ਮੰਨਿਆ ਜਾਂਦਾ ਹੈ ਕਿ ਉਨ੍ਹਾਂ ਦੀ ਪ੍ਰਤੀਰੋਧਕ ਸ਼ਕਤੀ ਕਮਜ਼ੋਰ ਹੈ, ਜਿਸ ਕਾਰਨ ਉਨ੍ਹਾਂ ਦਾ ਕਿਸੇ ਵੀ ਬੀਮਾਰੀ ਦਾ ਸ਼ਿਕਾਰ ਹੋਣ ਦਾ ਖ਼ਤਰਾ ਜ਼ਿਆਦਾ ਰਹਿੰਦਾ ਹੈ। ਵਧਦੇ ਹਵਾ ਪ੍ਰਦੂਸ਼ਣ ਕਾਰਨ ਬੱਚਿਆਂ ਅਤੇ ਬਜ਼ੁਰਗਾਂ ਨੂੰ ਘਰਾਂ 'ਚ ਰਹਿਣ ਦੀ ਸਲਾਹ ਦਿੱਤੀ ਜਾਂਦੀ ਹੈ। ਹਾਲਾਂਕਿ ਇਸ ਸਮੇਂ ਹਰ ਕਿਸੇ ਨੂੰ ਹਵਾ ਪ੍ਰਦੂਸ਼ਣ ਤੋਂ ਬੱਚਣ ਦੀ ਲੋੜ ਹੈ। ਇਨ੍ਹੀਂ ਦਿਨੀਂ ਕਈ ਹਸਪਤਾਲਾਂ 'ਚ ਸਾਹ ਦੀ ਸਮੱਸਿਆ ਵਾਲੇ ਮਰੀਜ਼ਾਂ ਦੀ ਗਿਣਤੀ ਵੀ ਵਧ ਰਹੀ ਹੈ ਪੀ. ਐੱਮ. 2.5 ਦੀ ਮੌਜੂਦਗੀ ਵਾਲੀ ਪ੍ਰਦੂਸ਼ਿਤ ਹਵਾ ਪ੍ਰਭਾਵਿਤ ਲੋਕਾਂ 'ਚ ਸਾਹ ਲੈਣ 'ਚ ਮੁਸ਼ਕਿਲਾਂ ਵਧਾ ਰਹੀ ਹੈ। ਡਾਕਟਰਾਂ ਅਨੁਸਾਰ ਹਸਪਤਾਲਾਂ 'ਚ ਮਰੀਜ਼ਾਂ ਦੀ ਗਿਣਤੀ ਵਿਚ 30 ਫ਼ੀਸਦੀ ਵਾਧਾ ਹੋਇਆ ਹੈ। ਡਾ. ਗੁਰਬਚਨ ਸਿੰਘ ਦੱਸਦੇ ਹਨ ਕਿ ਖ਼ੁਦ ਨੂੰ ਪ੍ਰਦੂਸ਼ਣ ਤੋਂ ਬਚਾਉਣ ਲਈ ਐੱਨ-95 ਮਾਸਕ ਪਹਿਨੋ।

### ਪੰਜਾਬ ਦੇ ਆਦਮਪੁਰ ਤੋਂ ਉੱਡਿਆ

# ਜਹਾਜ਼ ਆਗਰਾ 'ਚ ਕ੍ਰੈਸ਼



**ਨਵੀਂ ਦਿੱਲੀ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਆਗਰਾ 'ਚ ਸੋਮਵਾਰ ਨੂੰ ਹਵਾਈ ਫੌਜ ਦਾ ਇੱਕ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਦੌਰਾਨ ਜਹਾਜ਼ ਦੇ ਪਾਇਲਟ ਅਤੇ ਕੋ-ਪਾਇਲਟ ਨੇ ਛਾਲ ਮਾਰ ਕੇ ਆਪਣੀ ਜਾਨ ਬਚਾਈ। ਫਿਲਹਾਲ ਇਸ ਘਟਨਾ ਨੂੰ ਲੈ ਕੇ ਹਵਾਈ ਫੌਜ ਵੱਲੋਂ ਕੋਈ ਅਧਿਕਾਰਤ ਬਿਆਨ ਨਹੀਂ ਆਇਆ ਹੈ। ਦੱਸਿਆ ਜਾ ਰਿਹਾ ਹੈ ਕਿ ਹਾਦਸੇ ਤੋਂ ਬਾਅਦ ਪਾਇਲਟ ਅਤੇ ਉਸ ਦਾ ਸਾਥੀ ਦੋ ਕਿਲੋਮੀਟਰ ਦੂਰ ਮਿਲੇ ਹਨ। ਗਨੀਮਤ ਰਹੀ ਕਿ ਪਾਇਲਟ ਨੇ ਸਮਝਦਾਰੀ ਵਰਤਦੇ ਹੋਏ ਜਹਾਜ਼ ਨੂੰ ਕਾਗਾਰੌਲ ਦੇ ਸੋਨੀਗਾ ਪਿੰਡ ਦੇ ਨੇੜੇ ਖ਼ਾਲੀ ਖੇਤਾਂ 'ਚ ਕ੍ਰੈਸ਼ ਲੈਂਡਿੰਗ ਕਰਵਾਈ। ਜੇਕਰ ਆਬਾਦੀ ਵਾਲੇ ਹਿੱਸੇ 'ਚ ਜਹਾਜ਼ ਕ੍ਰੈਸ਼ ਹੁੰਦਾ ਤਾਂ ਹੋਰ ਵੀ ਵੱਡਾ ਨੁਕਸਾਨ ਹੋ ਸਕਦਾ ਸੀ। ਜਹਾਜ਼ ਨੇ ਪੰਜਾਬ ਦੇ ਆਦਮਪੁਰ ਤੋਂ ਉਡਾਣ ਭਰੀ ਸੀ ਅਤੇ ਅਭਿਆਸ ਲਈ ਆਗਰਾ ਜਾ ਰਿਹਾ ਸੀ, ਰਸਤੇ 'ਚ ਹੀ ਇਹ ਹਾਦਸਾ ਵਾਪਰ ਗਿਆ। ਮੌਕੇ ਤੋਂ ਮਿਲੀਆਂ ਤਸਵੀਰਾਂ ਵਿੱਚ ਸੜ ਰਹੇ ਲੜਾਕੂ ਜਹਾਜ਼ ਦੇ ਨੇੜੇ ਲੋਕਾਂ ਦੀ ਭੀੜ ਵੇਖੀ ਜਾ ਸਕਦੀ ਹੈ, ਅਧਿਕਾਰੀਆਂ ਨੇ ਕਿਹਾ ਕਿ ਹਾਦਸੇ ਦੀ ਜਾਂਚ ਦੇ ਆਦੇਸ਼ ਦਿੱਤੇ ਗਏ ਹਨ।

## ਪੰਜਾਬ 'ਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੀ ਤਾਰੀਕ 'ਚ ਹੋਇਆ ਬਦਲਾਅ

**ਚੰਡੀਗੜ੍ਹ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਹੋਣ ਵਾਲੀਆਂ ਜਿਮਨੀ ਚੋਣਾਂ ਦੀਆਂ ਤਾਰੀਕਾਂ ਵਿੱਚ ਬਦਲਾਅ ਕੀਤਾ ਗਿਆ ਹੈ ਇਸ ਦੀ ਜਾਣਕਾਰੀ ਭਾਰਤੀ ਚੋਣ ਕਮਿਸ਼ਨ ਵੱਲੋਂ ਸਾਂਝੀ ਕੀਤੀ ਗਈ ਹੈ। ਚੋਣ ਕਮਿਸ਼ਨ ਮੁਤਾਬਕ, ਹੁਣ 20 ਨਵੰਬਰ ਨੂੰ ਵੋਟਾਂ ਪੈਣਗੀਆਂ ਜਿਸ ਦੇ ਨਤੀਜੇ 23 ਨਵੰਬਰ ਨੂੰ ਐਲਾਨੇ ਜਾਣਗੇ। ਦੱਸ ਦਈਏ ਕਿ ਪੰਜਾਬ ਦੀਆਂ 4 ਵਿਧਾਨ ਸਭਾ ਸੀਟਾਂ 'ਤੇ ਹੋਣ ਵਾਲੀਆਂ ਜ਼ਿਮਨੀ ਚੋਣਾਂ ਦੀ ਤਰੀਕ ਬਦਲ ਗਈ ਹੈ। ਚੋਣ ਕਮਿਸ਼ਨ ਨੇ ਸੋਮਵਾਰ (4 ਨਵੰਬਰ) ਨੂੰ ਉੱਤਰ ਪ੍ਰਦੇਸ਼, ਪੰਜਾਬ ਅਤੇ ਕੇਰਲ ਦੀਆਂ 15 ਵਿਧਾਨ ਸਭਾ ਸੀਟਾਂ 'ਤੇ 13 ਨਵੰਬਰ ਨੂੰ ਹੋਣ ਵਾਲੀਆਂ ਉਪ ਚੋਣਾਂ ਲਈ ਮੁੜ ਸ਼ੈਡਿਊਲ ਜਾਰੀ ਕੀਤਾ। ਹੁਣ ਵੋਟਾਂ 13 ਨਵੰਬਰ ਦੀ ਬਜਾਏ 20 ਨਵੰਬਰ ਨੂੰ ਪੈਣਗੀਆਂ। ਨਤੀਜਾ 23 ਨਵੰਬਰ ਨੂੰ ਹੀ ਆਵੇਗਾ। ਇਨ੍ਹਾਂ ਸੂਬਿਆਂ ਦੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਦੀ ਮੰਗ 'ਤੇ ਤਰੀਕਾਂ 'ਚ ਬਦਲਾਅ ਕੀਤਾ ਗਿਆ ਹੈ। ਇਨ੍ਹਾਂ ਪਾਰਟੀਆਂ ਵਿੱਚ ਭਾਜਪਾ, ਕਾਂਗਰਸ, ਆਰਐਲਡੀ, ਬਸਪਾ ਸ਼ਾਮਲ ਹਨ। ਪਾਰਟੀਆਂ ਦਾ ਤਰਕ ਸੀ ਕਿ ਉਸ ਦਿਨ ਧਾਰਮਿਕ ਅਤੇ ਸਮਾਜਿਕ ਪ੍ਰੋਗਰਾਮ ਹੁੰਦੇ ਹਨ। ਜਿਸ ਕਾਰਨ ਚੋਣਾਂ ਕਰਵਾਉਣ ਵਿੱਚ ਦਿੱਕਤ ਆਵੇਗੀ ਅਤੇ ਇਸ ਦਾ ਅਸਰ ਵੋਟ ਪ੍ਰਤੀਸ਼ਤਤਾ 'ਤੇ ਵੀ ਪਵੇਗਾ।

**10 ਰਾਜਾਂ ਦੀਆਂ 33 ਸੀਟਾਂ ਲਈ ਤਰੀਕਾਂ ਵਿੱਚ ਕੋਈ ਬਦਲਾਅ ਨਹੀਂ :** ਚੋਣ ਕਮਿਸ਼ਨ ਵੱਲੋਂ ਅੱਜ ਕੀਤੇ ਗਏ ਐਲਾਨ ਵਿੱਚ 10 ਰਾਜਾਂ ਦੀਆਂ 33 ਸੀਟਾਂ ਲਈ ਤਾਰੀਕਾਂ ਵਿੱਚ ਕੋਈ ਬਦਲਾਅ ਨਹੀਂ ਕੀਤਾ ਗਿਆ ਹੈ। ਭਾਵ ਇੱਥੇ 13 ਨਵੰਬਰ ਨੂੰ ਹੀ ਵੋਟਿੰਗ ਹੋਵੇਗੀ। ਇਸੇ ਦਿਨ ਝਾਰਖੰਡ ਵਿਧਾਨ ਸਭਾ ਦੀਆਂ 43 ਸੀਟਾਂ 'ਤੇ ਵੋਟਿੰਗ ਹੋਵੇਗੀ। ਇਸ ਦੇ ਨਾਲ ਹੀ ਕੇਰਲ ਦੀ ਵਾਇਨਾਡ ਲੋਕ ਸਭਾ ਸੀਟ 'ਤੇ ਵੀ ਉਪ ਚੋਣਾਂ ਹੋਣੀਆਂ ਹਨ। ਪੰਜਾਬ ਦੀਆਂ ਬਰਨਾਲਾ, ਡੇਰਾ ਬਾਬਾ ਨਾਨਕ, ਚੱਬੇਵਾਲ ਅਤੇ ਗਿੱਦੜਬਾਹਾ ਸੀਟਾਂ 'ਤੇ ਜ਼ਿਮਨੀ ਚੋਣਾਂ ਹੋ ਰਹੀਆਂ ਹਨ। ਇਨ੍ਹਾਂ ਵਿੱਚੋਂ 3 ਸੀਟਾਂ ਕਾਂਗਰਸ ਅਤੇ ਇੱਕ ਸੀਟ ਆਮ ਆਦਮੀ ਪਾਰਟੀ (ਆਪ) ਕੋਲ ਸੀ। ਇਸ ਸਾਲ ਲੋਕ ਸਭਾ ਚੋਣਾਂ ਦੌਰਾਨ ਇਨ੍ਹਾਂ ਸੀਟਾਂ ਦੇ ਵਿਧਾਇਕਾਂ ਦੇ ਸੰਸਦ ਮੈਂਬਰ ਚੁਣੇ ਜਾਣ ਤੋਂ ਬਾਅਦ ਇਹ ਸੀਟਾਂ ਖਾਲੀ ਹੋ ਗਈਆਂ ਸਨ।

## ਜਲੰਧਰ ਦਿਹਾਤੀ ਪੁਲਸ ਨੂੰ ਮਿਲੀ ਵੱਡੀ ਸਫ਼ਲਤਾ, ਇੰਟਰਨੈਸ਼ਨਲ ਗੈਂਗ ਦੇ ਅਹਿਮ ਮੈਂਬਰ ਨੂੰ ਕੀਤਾ ਕਾਬੂ



**ਜਲੰਧਰ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦਿਹਾਤੀ ਪੁਲਸ ਨੂੰ ਅੱਜ ਇਕ ਵੱਡੀ ਸਫ਼ਲਤਾ ਹਾਸਲ ਹੋਈ ਹੈ, ਜਦੋਂ ਤਰਨਤਾਰਨ ਦੇ ਪੱਟੀ ਇਲਾਕੇ 'ਚ 'ਆਪ' ਆਗੂ ਦਾ ਕਤਲ ਕਰਵਾਉਣ ਵਾਲੇ ਕੈਨੇਡਾ ਆਧਾਰਿਤ ਗੈਂਗਸਟਰ ਅੰਮ੍ਰਿਤਪਾਲ ਸਿੰਘ ਬਾਠ ਦੇ ਕਰੀਬੀ ਨੂੰ ਕਾਬੂ ਕਰ ਲਿਆ ਹੈ, ਜਿਸ ਦੀ ਪਛਾਣ ਜਗਦੀਪ ਠੋਲੂ ਵਾਸੀ ਤਰਨਤਾਰਨ ਵਜੋਂ ਹੋਈ ਹੈ। ਜਲੰਧਰ ਦਿਹਾਤੀ ਪੁਲਸ ਦੇ ਐੱਸ.ਐੱਸ.ਪੀ. ਹਰਕਮਲਪ੍ਰੀਤ ਸਿੰਘ ਖੱਖ ਨੇ ਇਸ ਮਾਮਲੇ ਬਾਰੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੁਲਸ ਨੂੰ ਇਕ ਗੁਪਤ ਸੂਚਨਾ ਮਿਲੀ ਸੀ ਕਿ ਮੁਲਜ਼ਮ ਤਰਨਤਾਰਨ ਭੱਜਣ ਦੀ ਫਿਰਾਕ 'ਚ ਹੈ, ਜਿਸ ਮਗਰੋਂ ਇਸ ਖ਼ੁਫੀਆ ਜਾਣਕਾਰੀ 'ਤੇ ਕਾਰਵਾਈ ਕਰਦੇ ਹੋਏ ਪੁਲਸ ਨੇ ਉਸ ਨੂੰ ਜਾਲ ਵਿਛਾ ਕੇ ਕਾਬੂ ਕਰ ਲਿਆ। ਪੁਲਸ ਨੇ ਮੌਕੇ 'ਤੇ ਉਸ ਕੋਲੋਂ ਇਕ ਕੀਆ ਕਾਰ ਤੇ ਇਕ 32 ਬੋਰ ਦਾ ਪਿਸਤੌਲ ਵੀ ਬਰਾਮਦ ਕੀਤਾ ਹੈ। ਜ਼ਿਕਰਯੋਗ ਹੈ ਕਿ ਇਸ ਸਾਲ ਜਨਵਰੀ 2024 'ਚ 'ਆਪ' ਆਗੂ ਸੰਨੀ ਚੀਮਾ ਦਾ ਗੋਲ਼ੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ ਸੀ ਤੇ ਇਸ ਕਤਲ ਦਾ ਸਾਜ਼ਿਸ਼ਕਰਤਾ ਕੈਨੇਡਾ 'ਚ ਰਹਿੰਦਾ ਗੈਂਗਸਟਰ ਅੰਮ੍ਰਿਤਪਾਲ ਸਿੰਘ ਬਾਠ ਹੈ ਤੇ ਜਗਦੀਪ ਉਸੇ ਦਾ ਕਰੀਬੀ ਦੱਸਿਆ ਜਾਂਦਾ ਹੈ। ਫਿਲਹਾਲ ਪੁਲਸ ਇਸ ਮਾਮਲੇ ਦੀ ਹਰ ਐਂਗਲ ਤੋਂ ਜਾਂਚ ਕਰ ਰਹੀ ਹੈ।



## ਸੁਪਰੀਮ ਕੋਰਟ ਨੇ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ ਅੰਤਰਿਮ ਰਾਹਤ ਦੇਣ ਤੋਂ ਕੀਤਾ ਇਨਕਾਰ

### ਮਾਮਲੇ ਦੀ ਅਗਲੀ ਸੁਣਵਾਈ 18 ਨਵੰਬਰ ਨੂੰ

**ਨਵੀਂ ਦਿੱਲੀ 4 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸੁਪਰੀਮ ਕੋਰਟ ਨੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਦੇ ਕਤਲ ਵਿਚ ਨਾਮਜਦ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਘਟਾਉਣ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਮਾਮਲੇ ਦੀ ਵਿਸਥਾਰ ਨਾਲ ਸੁਣਵਾਈ ਕੀਤੇ ਬਿਨਾਂ ਕੋਈ ਅੰਤਰਿਮ ਰਾਹਤ ਦੇਣ ਤੋਂ ਇਨਕਾਰ ਕਰ ਦਿੱਤਾ। ਜਸਟਿਸ ਬੀ.ਆਰ.ਗਵਈ ਦੀ ਪ੍ਰਧਾਨਗੀ ਵਾਲੇ ਤਿੰਨ ਜੱਜਾਂ ਦੇ ਬੈਂਚ ਨੇ ਪੰਜਾਬ ਸਰਕਾਰ ਨੂੰ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਪਟੀਸ਼ਨ 'ਤੇ ਜਵਾਬ ਦੇਣ ਲਈ ਦੋ ਹੋਰ ਹਫ਼ਤਿਆਂ ਦਾ ਸਮਾਂ ਦਿੱਤਾ ਹੈ ਅਤੇ ਅਗਲੀ ਸੁਣਵਾਈ 18 ਨਵੰਬਰ ਨੂੰ ਤੈਅ ਕੀਤੀ ਹੈ। ਰਿੱਟ ਪਟੀਸ਼ਨ ਵਿੱਚ ਰਾਸ਼ਟਰਪਤੀ ਦੁਆਰਾ ਉਸਦੀ ਰਹਿਮ ਦੀ ਅਪੀਲ ਦਾ ਫੈਸਲਾ ਕਰਨ ਵਿੱਚ "ਅਸਾਧਾਰਨ" ਅਤੇ "ਅਸਾਧਾਰਨ ਦੇਰੀ" ਦੇ ਅਧਾਰ 'ਤੇ ਉਸਦੀ ਮੌਤ ਦੀ ਸਜ਼ਾ ਨੂੰ ਘਟਾਉਣ ਦੀ ਮੰਗ ਕੀਤੀ ਗਈ ਸੀ। ਅਦਾਲਤ ਅੰਦਰ ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਮੁਕੁਲ ਰੋਹਤਗੀ ਨੇ ਕਿਹਾ ਕਿ ਉਹ ਅੱਜ ਤੱਕ 29 ਸਾਲਾਂ ਤੋਂ ਬਿਨਾਂ ਕਿਸੇ ਰੁਕਾਵਟ ਦੇ ਜੇਲ੍ਹ ਅੰਦਰ ਹਿਰਾਸਤ ਵਿੱਚ ਹਨ। ਸੀਨੀਅਰ ਵਕੀਲ ਨੇ ਕਿਹਾ ਕਿ ਰਹਿਮ ਦੀ ਅਪੀਲ 'ਤੇ ਫੈਸਲਾ ਕਰਨ 'ਚ ਦੇਰੀ ਹੈਰਾਨ ਕਰਨ ਵਾਲੀ ਹੈ। ਇੱਕ ਖਾਸ ਸਵਾਲ ਦੇ ਜਵਾਬ ਵਿੱਚ, ਪੰਜਾਬ ਸਰਕਾਰ ਦੇ ਵਕੀਲ ਨੇ ਜਸਟਿਸ ਪ੍ਰਸ਼ਾਂਤ ਕੁਮਾਰ ਮਿਸ਼ਰਾ ਅਤੇ ਕੇਵੀ ਵਿਸ਼ਵਨਾਥਨ ਦੀ ਬੈਂਚ ਨੂੰ ਦੱਸਿਆ ਕਿ ਉਹ ਉਸ ਪਟੀਸ਼ਨ ਦਾ ਜਵਾਬ ਦਾਖਲ ਕਰਨ ਦੇ ਯੋਗ ਨਹੀਂ ਸੀ ਜਿਸ 'ਤੇ ਅਦਾਲਤ ਨੇ 27 ਸਤੰਬਰ ਨੂੰ ਨੋਟਿਸ ਜਾਰੀ ਕੀਤਾ ਸੀ। ਅੰਤਰਿਮ ਰਾਹਤ ਦੀ ਮੰਗ ਕਰਦੇ ਹੋਏ ਰੋਹਤਗੀ ਨੇ ਕਿਹਾ, "29 ਸਾਲਾਂ ਬਾਅਦ, ਜਿਨ੍ਹਾਂ ਵਿੱਚੋਂ 15 ਸਾਲ ਉਹ ਮੌਤ ਦੀ ਸਜ਼ਾ 'ਤੇ ਰਹੇ ਹਨ, ਉਨ੍ਹਾਂ ਨੇ ਮੇਰੀ ਰਹਿਮ ਦੀ ਅਪੀਲ ਦਾ ਨਿਪਟਾਰਾ ਨਹੀਂ ਕੀਤਾ ਹੈ, ਜਦੋਂ ਸੁਪਰੀਮ ਕੋਰਟ ਨੇ ਇਸ ਮਾਮਲੇ ਵਿੱਚ ਹੋਰਨਾਂ ਦੀ ਸਜ਼ਾਵਾਂ ਨੂੰ ਉਮਰ ਕੈਦ ਵਿੱਚ ਤਬਦੀਲ ਕਰ ਦਿੱਤਾ ਹੈ।" ਉਸਨੇ ਧਿਆਨ ਦਿਵਾਇਆ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਮੌਤ ਦੀ ਸਜ਼ਾ ਨੂੰ ਘਟਾਉਣ ਦੀ ਮੰਗ ਕਰਨ ਵਾਲੀ ਪਿਛਲੀ ਪਟੀਸ਼ਨ ਦਾ ਸੁਪਰੀਮ ਕੋਰਟ ਨੇ ਮਈ 2023 ਵਿੱਚ ਨਿਪਟਾਰਾ ਕਰ ਦਿੱਤਾ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ "ਉਹ (ਅਧਿਕਾਰੀਆਂ) ਰਹਿਮ ਦੀ ਅਪੀਲ 'ਤੇ ਸਮੇਂ ਸਿਰ ਕਾਰਵਾਈ ਕਰਨਗੇ।"



## ਸ਼ੰਭੂ ਬਾਰਡਰ ਖੋਲ੍ਹਣ ਸਬੰਧੀ ਮੀਟਿੰਗ ਰਹੀ ਬੇਸਿੱਟਾ, ਕਿਸਾਨਾਂ ਨੇ ਸੁਪਰੀਮ ਕੋਰਟ ਦੀ ਕਮੇਟੀ ਅੱਗੇ ਰੱਖੀਆਂ 13 ਮੰਗਾਂ, ਪੰਧੇਰ ਤੇ ਡੱਲੇਵਾਲ ਰਹੇ ਗੈਰਹਾਜ਼ਰ



**ਚੰਡੀਗੜ੍ਹ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਫਰਵਰੀ ਮਹੀਨੇ ਤੋਂ ਹਰਿਆਣਾ-ਪੰਜਾਬ ਦੀ ਸ਼ੰਭੂ ਸਰਹੱਦ 'ਤੇ ਬੈਠੇ ਕਿਸਾਨਾਂ ਦੀਆਂ ਮੰਗਾਂ 'ਤੇ ਵਿਚਾਰ ਕਰਨ ਲਈ ਸੋਮਵਾਰ (4 ਨਵੰਬਰ) ਨੂੰ ਚੰਡੀਗੜ੍ਹ ਸਥਿਤ ਹਰਿਆਣਾ ਭਵਨ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਸੇਵਾਮੁਕਤ ਜਸਟਿਸ ਨਵਾਬ ਸਿੰਘ ਨੇ ਕੀਤੀ। ਇਸ ਮੀਟਿੰਗ ਵਿੱਚ ਲਹਿਰ ਦੇ ਪ੍ਰਮੁੱਖ ਚਿਹਰੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਸ਼ਾਮਲ ਨਹੀਂ ਹੋਏ। ਪੰਧੇਰ ਨੇ ਮੀਟਿੰਗ ਵਿੱਚ ਆਉਣ ਤੋਂ ਇਨਕਾਰ ਕਰ ਦਿੱਤਾ ਸੀ। ਡੱਲੇਵਾਲ ਦੀ ਸਿਹਤ ਖ਼ਰਾਬ ਹੋਣ ਕਾਰਨ ਉਨ੍ਹਾਂ ਦੇ ਮੈਂਬਰਾਂ ਨੇ ਮੀਟਿੰਗ ਵਿੱਚ ਸ਼ਿਰਕਤ ਕੀਤੀ। ਕਿਸਾਨਾਂ ਨੇ ਸੁਪਰੀਮ ਕੋਰਟ ਵੱਲੋਂ ਬਣਾਈ ਕਮੇਟੀ ਅੱਗੇ ਆਪਣੀਆਂ 13 ਮੰਗਾਂ ਪੇਸ਼ ਕੀਤੀਆਂ। ਕਿਸਾਨਾਂ ਨੇ ਸਪੱਸ਼ਟ ਕਿਹਾ ਕਿ ਜਦੋਂ ਤੱਕ ਉਨ੍ਹਾਂ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ। ਪੰਜਾਬ ਦੇ ਕਿਸਾਨ ਫਰਵਰੀ-2024 ਤੋਂ ਫਸਲਾਂ 'ਤੇ ਘੱਟੋ-ਘੱਟ ਸਮਰਥਨ ਮੁੱਲ ਦੀ ਗਰੰਟੀ ਨੂੰ ਲੈ ਕੇ ਧਰਨੇ 'ਤੇ ਹਨ। ਅਜਿਹੇ 'ਚ ਸੁਰੱਖਿਆ ਨੂੰ ਧਿਆਨ 'ਚ ਰੱਖਦੇ ਹੋਏ ਹਰਿਆਣਾ ਸਰਕਾਰ ਨੇ ਬੈਰੀਕੇਡ ਲਗਾ ਕੇ ਹਰਿਆਣਾ ਅਤੇ ਪੰਜਾਬ ਦੀ ਸ਼ੰਭੂ ਸਰਹੱਦ ਨੂੰ ਬੰਦ ਕਰ ਦਿੱਤਾ ਸੀ। ਇਸ ਤੋਂ ਬਾਅਦ ਲੋਕ ਸਭਾ ਚੋਣਾਂ ਲਈ ਚੋਣ ਜ਼ਾਬਤਾ ਲਾਗੂ ਹੋ ਗਿਆ। ਕਿਸਾਨਾਂ ਨੇ ਪੰਜਾਬ ਵੱਲ ਸਰਹੱਦ 'ਤੇ ਪੱਕਾ ਮੋਰਚਾ ਬਣਾ ਲਿਆ। ਅਜਿਹੇ 'ਚ ਉਥੋਂ ਆਵਾਜਾਈ ਬੰਦ ਹੈ। ਇਸ ਕਾਰਨ ਅੰਬਾਲਾ ਦੇ ਵਪਾਰੀਆਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਕਾਰਨ ਉਨ੍ਹਾਂ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੀ ਸ਼ਰਨ ਲਈ ਸੀ। ਹਾਈ ਕੋਰਟ ਨੇ ਹਰਿਆਣਾ ਸਰਕਾਰ ਨੂੰ ਬਾਰਡਰ ਖੋਲ੍ਹਣ ਦੇ ਹੁਕਮ ਦਿੱਤੇ ਸਨ ਪਰ ਸਰਕਾਰ ਇਸ ਮਾਮਲੇ ਨੂੰ ਲੈ ਕੇ ਸੁਪਰੀਮ ਕੋਰਟ ਪਹੁੰਚ ਗਈ ਸੀ ਜਿਸ ਤੋਂ ਬਾਅਦ ਇਸ ਮਾਮਲੇ ਦੇ ਹੱਲ ਕਈ ਕਮੇਟੀ ਬਣਾਈ ਗਈ ਹੈ ਜੋ ਕਿ ਅਜੇ ਬੇਸਿੱਟਾ ਮੀਟਿੰਗਾਂ ਕਰ ਰਹੀ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |


ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com

ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਦਮਦਮੀ ਟਕਸਾਲ — ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net



## ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

## Khehra VAISHNO DHABA

BREAKFAST
LUNCH
DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬੀ
### ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI

## ਸ਼ਹੀਦ ਬਲਜਿੰਦਰ ਸਿੰਘ ਰਾਜੂ, ਸ਼ਹੀਦ ਹਰਜਿੰਦਰ ਸਿੰਘ ਜਿੰਦਾ ਤੇ ਸ਼ਹੀਦ ਸੁਖਦੇਵ ਸਿੰਘ ਸੁੱਖਾ ਦੀ ਯਾਦ 'ਚ

# ਮਹਾਨ ਸ਼ਹੀਦੀ ਸਮਾਗਮ ਕਰਵਾਇਆ ਗਿਆ

### ਹਰੇਕ ਮੰਚ 'ਤੇ ਸ਼ਹੀਦਾਂ ਦੇ ਕੌਮੀ ਨਿਸ਼ਾਨੇ ਖ਼ਾਲਿਸਤਾਨ ਦੀ ਗੱਲ ਜ਼ਰੂਰ ਕਰਿਆ ਕਰੀਏ : ਪੰਥਕ ਆਗੂ

**ਅੰਮ੍ਰਿਤਸਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਖ਼ਾਲਿਸਤਾਨ ਕਮਾਂਡੋ ਫ਼ੋਰਸ ਦੇ ਚੋਟੀ ਦੇ ਜੁਝਾਰੂ ਯੋਧੇ ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ, ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ, ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਅਤੇ ਸਾਥੀਆਂ ਦਾ ਸ਼ਹੀਦੀ ਦਿਹਾੜਾ ਪਿੰਡ ਰਤਨਗੜ੍ਹ, ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਵਿਖੇ ਖ਼ਾਲਸਾਈ ਸ਼ਾਨੋ-ਸ਼ੌਕਤ ਨਾਲ਼ ਮਨਾਇਆ ਗਿਆ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਰਾਗੀਆਂ, ਢਾਡੀਆਂ, ਕਵੀਸ਼ਰਾਂ ਤੇ ਪ੍ਰਚਾਰਕਾਂ ਨੇ ਹਰ ਜਸ ਅਤੇ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਇਸ ਮੌਕੇ ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਦੇ ਮੁਖੀ ਪ੍ਰੋਫੈਸਰ ਬਲਜਿੰਦਰ ਸਿੰਘ ਨੇ ਕਿਹਾ ਕਿ ਭਾਈ ਬਲਜਿੰਦਰ ਸਿੰਘ ਰਾਜੂ ਨੇ ਜਿੰਨੇ ਵੱਡੇ ਕਾਰਨਾਮੇ ਕੀਤੇ ਹਨ ਇਸ ਤੋਂ ਅਹਿਸਾਸ ਹੁੰਦਾ ਹੈ ਕਿ ਜ਼ਰੂਰ ਉਹਨਾਂ ਦੇ ਮਾਤਾ ਪਿਤਾ ਨੇ ਬਚਪਨ ਤੋਂ ਹੀ ਉਹਨਾਂ ਨੂੰ ਗੁਰੂ ਦੀ ਸਿੱਖਿਆ ਦਿੱਤੀ ਹੋਵੇਗੀ। ਸ਼ਹੀਦਾਂ ਨੂੰ ਇਹ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਹਰੇਕ ਮੰਚ 'ਤੇ ਸ਼ਹੀਦਾਂ ਦੇ ਕੌਮੀ ਨਿਸ਼ਾਨੇ ਖ਼ਾਲਿਸਤਾਨ ਦੀ ਗੱਲ ਜ਼ਰੂਰ ਕਰਿਆ ਕਰੀਏ। ਪ੍ਰੋਫੈਸਰ ਬਲਜਿੰਦਰ ਸਿੰਘ ਨੇ ਸ਼ਹੀਦਾਂ ਦਾ ਇਤਿਹਾਸ ਕੌਮ ਦੀ ਝੋਲੀ ਪਾਉਣ ਵਾਲੇ ਪੰਥਕ ਲੇਖਕ ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੀ ਭਰਪੂਰ ਸ਼ਲਾਘਾ ਲਾਘਾ ਵੀ ਕੀਤੀ। ਉਹਨਾਂ ਕਿਹਾ ਕਿ ਸ਼ਹੀਦ ਬਲਜਿੰਦਰ ਸਿੰਘ ਰਾਜੂ ਦੇ ਮਾਤਾ ਜੀ ਬੀਬੀ ਸੁਰਜੀਤ ਕੌਰ ਦੀ ਅਸੀਸ ਸਦਕਾ ਕੌਮ ਵਿੱਚ ਹੋਰ ਯੋਧੇ ਵੀ ਪੈਦਾ ਹੁੰਦੇ ਰਹਿਣਗੇ।

ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਕੌਮੀ ਘਰ ਖ਼ਾਲਿਸਤਾਨ ਦਾ ਸੁਪਨਾ ਸਾਕਾਰ ਕਰਨਾ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੈ। ਭਾਈ ਬਲਜਿੰਦਰ ਸਿੰਘ ਰਾਜੂ ਨੇ ਸੰਤ ਭਿੰਡਰਾਂਵਾਲਿਆਂ ਦਾ ਹੁਕਮ ਮੰਨ ਕੇ ਹਥਿਆਰਬੰਦ ਲੜਾਈ ਲੜੀ ਤੇ ਹਿੰਦੁਸਤਾਨ ਦੀ ਸਰਕਾਰ ਦੇ ਵੱਡੇ ਬੁਰਜ ਮਿੱਟੀ ਵਿੱਚ ਮਿਲਾ ਦਿੱਤੇ। ਇਹਨਾਂ ਯੋਧਿਆਂ ਨੂੰ ਗੁਰਬਾਣੀ, ਇਤਿਹਾਸ, ਸਿਧਾਂਤ ਤੇ ਖੰਡੇ ਬਾਟੇ ਦੇ ਅੰਮ੍ਰਿਤ ਤੋਂ ਸ਼ਕਤੀ ਪ੍ਰਾਪਤ ਹੋਈ ਸੀ। ਸ਼ਹੀਦ ਬਲਜਿੰਦਰ ਸਿੰਘ ਰਾਜੂ ਦੇ ਮਾਤਾ ਜੀ ਬੀਬੀ ਸੁਰਜੀਤ ਕੌਰ ਦੇ ਸਿੱਖੀ ਸਿਦਕ, ਸਿਰੜ ਅਤੇ ਸੰਘਰਸ਼ ਨੂੰ ਵੀ ਪ੍ਰਣਾਮ ਹੈ ਜਿਨ੍ਹਾਂ ਨੇ ਅਰਦਾਸ ਕਰਕੇ ਇਹਨਾਂ ਯੋਧਿਆਂ ਨੂੰ ਖ਼ਾਲਿਸਤਾਨ ਦੀ ਜੰਗ ਵੱਲ ਤੋਰਿਆ।




ਜੁਝਾਰੂ ਭਾਈ ਨਿਰਮਲ ਸਿੰਘ ਨਿੰਮਾ ਨੇ ਭਾਈ ਬਲਜਿੰਦਰ ਸਿੰਘ ਰਾਜੂ ਅਤੇ ਹੋਰਾਂ ਯੋਧਿਆਂ ਦਾ ਸੰਘਰਸ਼ੀ ਇਤਿਹਾਸ ਬਾਖੂਬੀ ਸੁਣਾਇਆ ਕਿ ਕਿਵੇਂ ਇਨ੍ਹਾਂ ਯੋਧਿਆਂ ਨੇ ਜੂਨ 1984 ਅਤੇ ਨਵੰਬਰ 1984 ਸਿੱਖ ਨਸਲਕੁਸ਼ੀ ਦੇ ਦੋਸ਼ੀ ਦੁਸ਼ਟਾਂ ਨੂੰ ਚੁਣ ਚੁਣ ਕੇ ਸੋਧਿਆ ਅਤੇ ਭਾਈ ਸੁੱਖਾ-ਜਿੰਦਾ ਨੇ ਜਨਰਲ ਵੈਦਿਆ ਲਲਿਤ ਮਾਕਨ ਤੇ ਅਰਜਣ ਦਾਸ ਨੂੰ ਗੱਡੀ ਚਾੜ੍ਹਿਆ। ਪ੍ਰੋਫੈਸਰ ਸੁਖਦੇਵ ਸਿੰਘ ਨੇ ਕਿਹਾ ਕਿ ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ ਜੋ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਸ਼ਹੀਦ ਭਾਈ ਸੁਖਦੇਵ ਸਿੰਘ ਸੁੱਖਾ ਦੇ ਨੇੜਲੇ ਸਾਥੀ ਤੇ ਰਿਸ਼ਤੇਦਾਰ ਸਨ ਤੇ ਜੂਨ 1984 ਦੇ ਘੱਲੂਘਾਰੇ ਤੋਂ ਬਾਅਦ ਉਹਨਾਂ ਇਕੱਠਿਆਂ ਨੇ ਰਲ਼ ਕੇ ਸੈਂਕੜੇ ਜੁਝਾਰੂ ਐਕਸ਼ਨ ਕੀਤੇ ਤੇ ਕੌਮ ਦੀ ਅਥਾਹ ਸੇਵਾ ਨਿਭਾਉਂਦਿਆਂ ਆਪਾ ਖ਼ਾਲਸਾ ਪੰਥ ਤੇ ਦੇਸ਼ ਪੰਜਾਬ ਦੇ ਲੇਖੇ ਲਾ ਦਿੱਤਾ। ਉਹਨਾਂ ਕਿਹਾ ਕਿ ਮੈਨੂੰ ਵੀ ਭਾਈ ਬਲਜਿੰਦਰ ਸਿੰਘ ਰਾਜੂ, ਭਾਈ ਸੁਖਦੇਵ ਸਿੰਘ ਬੱਬਰ ਅਤੇ ਹੋਰਾਂ ਯੋਧਿਆਂ ਦੀ ਸੰਗਤ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਭਾਈ ਰਾਜੂ ਨੇ ਸੰਤੋਖੇ ਕਾਲੇ ਕੈਟ ਨੂੰ ਸੋਧ ਕੇ ਦੁਸ਼ਮਣਾਂ ਵਿੱਚ ਖ਼ੌਫ਼ ਪੈਦਾ ਕਰ ਦਿੱਤਾ। ਬੀਬੀ ਸੁਰਜੀਤ ਕੌਰ ਨੇ ਸ਼ਸੰਗਤਾਂ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਸ਼ਹੀਦਾਂ ਦੇ ਪਰਿਵਾਰਾਂ ਨਾਲ ਸਮਾਗਮ ਵਿੱਚ ਰੌਣਕ ਹੀ ਵੱਖਰੀ ਹੁੰਦੀ ਹੈ। ਸ਼ਹੀਦ ਭਾਈ ਪਰਮਜੀਤ ਸਿੰਘ ਪੰਮਾ ਤੁਗਲਵਾਲਾ ਦੀ ਸੁਪਤਨੀ ਬੀਬੀ ਕੁਲਵਿੰਦਰ ਕੌਰ ਖਾਲਸਾ ਨੇ ਕਿਹਾ ਕਿ ਇਹਨਾਂ ਯੋਧਿਆਂ, ਸ਼ਹੀਦਾਂ ਦਾ ਜੀਵਨ ਬਹੁਤ ਉੱਚਾ ਸੁੱਚਾ ਸੀ ਜਿਨ੍ਹਾਂ ਨੂੰ ਮੈਂ ਨੇੜਿਓ ਤੱਕਿਆ ਹੈ।

ਸਮਾਗਮ ਦੀ ਸਮਾਪਤੀ 'ਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਅਤੇ ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਤੇ ਸਮੂਹ ਪੰਥਕ ਜਥੇਬੰਦੀਆਂ ਵੱਲੋਂ ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ ਦੀ ਮਾਤਾ ਬੀਬੀ ਸੁਰਜੀਤ ਕੌਰ ਜੀ ਅਤੇ ਹੋਰ ਸ਼ਹੀਦਾਂ ਦੇ ਪਰਿਵਾਰਾਂ ਤੇ ਜੁਝਾਰੂ ਯੋਧਿਆਂ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਕਵੀਸ਼ਰ ਭਾਈ ਨਿਸ਼ਾਨ ਸਿੰਘ ਝਬਾਲ, ਜੁਝਾਰੂ ਗਿਆਨੀ ਹਰ ਮਚਰਨ ਸਿੰਘ ਛਜਲਵੱਡੀ, ਬੀਬੀ ਸਰਬਜੀਤ ਕੌਰ ਗੁੱਡੀ, ਭਾਈ ਧਰਮ ਸਿੰਘ, ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਆਦਿ ਹਾਜ਼ਰ ਸਨ। ••

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ

ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All CATEGORIES OF MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM International Newspaper & WEB TV
CALL US TO BOOK YOUR CSCS LEVEL ONE COURSE.
07715 1-28621

## ਗੁਰਦੁਆਰਾ ਸਿੱਖ ਸੈਂਟਰ ਫਰੈਕਫੋਰਟ ਦੀਆਂ ਸੰਗਤਾਂ ਵੱਲੋਂ

# ਕੌਮੀ ਸ਼ਹੀਦ ਭਾਈ ਬੇਅੰਤ ਸਿੰਘ ਜੀ ਤੇ ਨਵੰਬਰ 84 ਦੇ ਸ਼ਹੀਦਾਂ ਦੀ ਯਾਦ ਵਿੱਚ ਕਰਵਾਇਆ ਸ਼ਹੀਦੀ ਸਮਾਗਮ

### ਵਰਲਡ ਸਿੱਖ ਪਾਰਲੀਮੈਂਟ ਦੇ ਬੈਨਰ ਹੇਠ ਭਾਰਤੀ ਸਟੇਟ ਦੀ ਹੈਵਾਨੀਅਤ ਦਰਸਾਉਂਦੀ ਲਗਾਈ ਗਈ ਪ੍ਰਦਰਸ਼ਨੀ




**ਫਰੈਕਫੋਰਟ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸਿੱਖ ਸੈਂਟਰ ਫਰੈਂਕਫੋਰਟ ਦੀਆਂ ਸੰਗਤਾਂ ਨੇ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਕਰਕੇ ਖ਼ੂਨੀ ਘੱਲੂਘਾਰਾ ਵਰਤਾਉਣ ਵਾਲੀ ਭਾਰਤ ਦੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੂੰ ਖਾਲਸਾਈ ਰਵਾਇਤਾਂ ਅਨੁਸਾਰ ਸਜ਼ਾ ਦੇਣ ਵਾਲੇ ਮਹਾਨ ਸ਼ਹੀਦ ਭਾਈ ਬੇਅੰਤ ਸਿੰਘ ਜੀ ਦੇ 40ਵੇ ਸ਼ਹਾਦਤ ਦਿਹਾੜੇ ਤੇ ਨਵੰਬਰ 84 ਦੇ ਸਿੱਖ ਕਤਲੇਆਮ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਵਿਸ਼ੇਸ਼ ਦੀਵਾਨ ਸਜਾਏ ਗਏ। ਜਿਸ ਵਿੱਚ ਗੁਰਦੁਆਰਾ ਸਾਹਿਬ ਦੇ ਕੀਰਤਨੀ ਜਥਿਆਂ ਨੇ ਇਲਾਹੀ ਗੁਰਬਾਣੀ ਦਾ ਰਸ-ਭਿੰਨਾ ਕੀਰਤਨ ਕੀਤਾ। ਭਾਈ ਚਮਕੌਰ ਸਿੰਘ ਸਭਰਾ ਤੇ ਭਾਈ ਕੁਲਵਿੰਦਰ ਸਿੰਘ ਸਭਰਾ ਦੇ ਕਵੀਸ਼ਰੀ ਜਥੇ ਨੇ ਸ਼ਹੀਦਾਂ ਪ੍ਰਥਾਏ ਸ਼ਹੀਦੀ ਵਾਰਾਂ ਸਰਵਣ ਕਰਵਾਈਆਂ। ਸਟੇਜ ਦੀ ਸੇਵਾ ਭਾਈ ਹੀਰਾ ਸਿੰਘ ਮੱਤੇਵਾਲ ਪੰਥਕ ਵੀਚਾਰਾ ਦੀ ਸਾਂਝ ਭਾਈ ਜਗਤਾਰ ਸਿੰਘ ਮਾਹਲ, ਭਾਈ ਗੁਰਦੀਪ ਸਿੰਘ ਪ੍ਰਦੇਸੀ, ਗੁਰਦਿਆਲ ਸਿੰਘ ਲਾਲੀ, ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਨਰਿੰਦਰ ਸਿੰਘ ਘੋਤੜਾ ਭਾਈ ਬਲਕਾਰ ਸਿੰਘ ਨੇ ਆਪਣੇ ਵੀਚਾਰ ਰੱਖਦਿਆਂ ਹੋਇਆਂ ਕਿਹਾ ਕਿ ਦਿੱਲੀ ਵਿੱਚ ਹਕੂਮਤ ਕਿਸੇ ਦੀ ਵੀ ਬਣੇ ਉਸ ਨੇ ਘੱਟ ਗਿਣਤੀਆਂ ਤੇ ਖਾਸ ਕਰ ਕੇ ਸਿੱਖ ਕੌਮ ਤੇ ਸਿੱਧੇ ਜਾਂ ਅਸਿੱਧੇ ਤੌਰਤੇ ਜ਼ੁਲਮ ਢਾਉਣ ਤੋ ਗੁਰੇਜ ਨਹੀਂ ਕੀਤਾ ਅੱਜ ਕਈ ਲੋਕ ਕਹਿੰਦੇ ਹਨ ਕਿ ਸਿੱਖ ਗੁਲਾਮ ਕਿਵੇਂ ਹਨ ਉਹ ਕਿਉਂ ਭੁੱਲ ਜਾਂਦੇ ਹਨ ਕਿ ਇੰਦਰਾ ਗਾਂਧੀ ਦੇ ਮਰਨ ਤੇ ਸਿੱਖ ਕੌਮ ਦੀ ਨਸਲਕੁਸ਼ੀ ਕਰਨ ਲਈ ਭਾਰਤ ਦੇ ਵੱਖ ਵੱਖ ਸ਼ਹਿਰਾਂ ਵਿੱਚ ਹਜ਼ਾਰਾਂ ਸਿੱਖਾਂ ਦਾ ਕਤਲੇਆਮ ਕੀਤਾ ਗਿਆ ਜਦ ਕਿ ਕਰਮ ਚੰਦ ਗਾਂਧੀ ਨੂੰ ਮਾਰਨ ਵਾਲੇ ਗੌਡਸੇ ਤੇ ਰਾਜੀਵ ਗਾਂਧੀ ਨੂੰ ਉਸ ਦੇ ਗੁਨਾਹਾਂ ਦੀ ਸਜ਼ਾ ਤਾਮਿਲਾਂ ਨੇ ਦਿੱਤੀ ਤੇ ਕਿਸੇ ਵੀ ਤਾਮਿਲ ਦਾ ਕਤਲੇਆਮ ਨਹੀਂ ਹੋਇਆ ਕਿਉਂਕਿ ਉਹਨਾਂ ਦਾ ਧਰਮ ਹਿੰਦੂ ਸੀ ਪਰ ਸਿੱਖਾਂ ਨੂੰ ਸੋਚੀ ਸਮਝੀ ਸਕੀਮ ਤਹਿਤ ਨਸਲਕੁਸ਼ੀ ਕੀਤੀ ਗਈ ਜਿਸ ਦਾ ਇਨਸਾਫ਼ ਨਹੀਂ ਮਿਲਿਆ ਜਿੱਥੇ ਭਾਰਤ ਦੀ ਕੇਂਦਰ ਸਰਕਾਰ ਦੋਸ਼ੀ ਹੈ ਉੱਥੇ ਉਸੇ ਦਿੱਲੀ ਹਕੂਮਤ ਦੇ ਕੁਹਾੜੇ ਦਾ ਦਸਤਾ ਬਣ ਦੇਸ਼ ਪੰਜਾਬ ਦੀ ਸੂਬੇਦਾਰੀ ਦਾ ਸੁੱਖ ਭੋਗਣ ਤੇ ਸਿੱਖ ਕੌਮ ਦੀਆਂ ਸਿਰਮੌਰ ਸੰਸਥਾਵਾਂ ਨੂੰ ਕਮਜ਼ੋਰ ਕਰਨ ਲਈ ਬਾਦਲ ਕੰਪਨੀ ਵੀ ਬਰਾਬਰ ਦੀ ਜਿਮੇਵਾਰ ਹੈ। ਦੇਸ਼ ਪੰਜਾਬ ਨੂੰ ਘਸਿਆਰਾ ਬਣਾਉਣ ਲਈ ਆਰਥਿਕ, ਸਮਾਜਿਕ ਸੱਭਿਆਚਾਰ ਪੰਜਾਬੀ ਮਾਂ ਬੋਲੀ ਦਾ ਜਿੱਥੇ ਸ਼ੋਸ਼ਣ ਕੀਤਾ ਜਾ ਰਿਹਾ ਹੈ ਉੱਥੇ ਪੰਜਾਬੀਆਂ ਦਾ ਪ੍ਰਵਾਸ ਤੇ ਦੂਜਿਆਂ ਸੂਬਿਆਂ ਵਾਲਿਆਂ ਨੂੰ ਵਸਾਕੇ ਨੌਕਰੀਆਂ ਲਈ ਪਹਿਲ ਦੇ ਅਧਾਰ ਤੇ ਸਿੱਖਾਂ ਨੂੰ ਆਪਣੇ ਸੂਬੇ ਵਿੱਚ ਘੱਟ ਗਿਣਤੀ ਵਿੱਚ ਕਰਨ ਦੀਆਂ ਘਿਨਾਉਣੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ ਜਿਸ ਨੂੰ ਕਦੇ ਵੀ ਬੂਰ ਨਹੀਂ ਪਵੇਗਾ ਤੇ ਸ਼ਹੀਦਾਂ ਦਾ ਡੁੱਲਿਆ ਖ਼ੂਨ ਅਜਾਈ ਨਹੀਂ ਜਾਵੇਗਾ ਤੇ ਸ਼ਹੀਦਾਂ ਦੇ ਪਵਿੱਤਰ ਸੁਪਨੇ ਸਰਬੱਤ ਦੇ ਭਲੇ ਵਾਲੇ ਸਿੱਖ ਕੌਮ ਦੇ ਅਜ਼ਾਦ ਘਰ ਖਾਲਿਸਤਾਨ ਤੇ ਇਸ ਦੀ ਪ੍ਰਾਪਤੀ ਵਾਸਤੇ ਸ਼ਹੀਦ ਹੋਏ ਸਿੰਘਾਂ ਨੂੰ ਜਾਗਦੀ ਜ਼ਮੀਰ ਵਾਲੇ ਸਿੰਘਾਂ ਦੀਆਂ ਸਿਮਰਤੀਆਂ ਵਿੱਚੋਂ ਕੋਈ ਕੱਢ ਨਹੀਂ ਸਕਦਾ। ਮਹਾਨ ਸ਼ਹੀਦਾਂ ਨਾਲ ਪ੍ਰਣ ਹੈ ਕਿ ਰਹਿੰਦੇ ਸਵਾਸਾਂ ਤੱਕ ਉਹਨਾਂ ਦੇ ਪੱਵਿਤਰ ਸੁਪਨੇ ਸਿੱਖ ਕੌਮ ਦੇ ਅਜ਼ਾਦ ਘਰ ਖਾਲਿਸਤਾਨ ਦੀ ਅਜ਼ਾਦੀ ਵਾਸਤੇ ਅਵਾਜ ਬੁਲੰਦ ਕਰਦੇ ਰਹਾਂਗੇ ।ਵਰਲਡ ਸਿੱਖ ਪਾਰਲੀਮੈਂਟ ਦੇ ਬੈਨਰ ਹੇਠ ਭਾਈ ਗੁਰਚਰਨ ਸਿੰਘ ਗੁਰਾਇਆ ਨੇ ਭਾਰਤੀ ਸਟੇਟ ਦੀ ਸਰਪ੍ਰਸਤੀ ਹੇਠ ਹਿਦੂਤਵੀ ਭੀੜਾਂ ਦੀ ਹੈਵਾਨੀਅਤ ਦਾ ਕਰੂਪ ਚੇਹਰਾ ਦਰਸਾਉਂਦੀ ਲਗਾਈ ਗਈ ਤੇ ਜਰਮਨ ਵਿੱਚ ਤਿਆਰ ਕੀਤਾ ਲਿਟਰੇਚਰ ਤੇ ਸਲਾਈਡਾਂ ਦੁਆਰਾ ਨਵੰਬਰ ਦੇ ਸਿੱਖ ਕਤਲੇਆਮ ਨੂੰ ਯਾਦ ਕੀਤਾ ਗਿਆ ਤੇ ਭਾਈ ਅਨੂਪ ਸਿੰਘ ਪ੍ਰਧਾਨ ਪ੍ਰਬੰਧਕ ਕਮੇਟੀ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਅਰਪਣ ਕੀਤੇ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਹਜ਼ੂਰ ਸਾਹਿਬ ਵਿਖੇ ਧੂਮ ਧਾਮ ਨਾਲ ਮਨਾਇਆ ਗਿਆ ਗੁਰਪੁਰਬ ਦੂਜ - ਡਾ. ਵਿਜੇ ਸਤਬੀਰ ਸਿੰਘ






**ਅੰਮ੍ਰਿਤਸਰ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਹਰ ਸਾਲ ਦੀ ਤਰ੍ਹਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਗੁਰਤਾਗੱਦੀ ਗੁਰਪੁਰਬ ਦੂਜ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਮਿਤੀ 3 ਨਵੰਬਰ ਨੂੰ ਗੁਰਦੁਆਰਾ ਨਗੀਨਾ ਘਾਟ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਾਹੁਨਮਾਈ ਅਤੇ ਤਖ਼ਤ ਸੱਚਖੰਡ ਸਾਹਿਬ ਦੇ ਮਾਨਯੋਗ ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ. ਸਮੂਹ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਮਹਾਨ ਨਗਰ ਕੀਰਤਨ ਆਰੰਭ ਹੋਇਆ ਜਿਸ ਵਿੱਚ ਗੁਰੂ ਮਹਾਰਾਜ ਦੇ ਘੋੜੇ, ਨਿਸ਼ਾਨਚੀ ਸਿੰਘ, ਗੱਤਕਾ ਪਾਰਟੀਆਂ, ਕੀਰਤਨੀ ਜੱਥੇ ਤੇ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਸੰਗਤਾਂ ਸ਼ਾਮਲ ਹੋਈਆਂ। ਨਗਰ ਕੀਰਤਨ ਤਖ਼ਤ ਸੱਚਖੰਡ ਸਾਹਿਬ ਪੁੱਜਣ ਉਪਰੰਤ ਪੁਰਾਤਨ ਚਲੀ ਆ ਰਹੀ ਮਰਿਯਾਦਾ ਅਨੁਸਾਰ ਗੁਰਤਾਗੱਦੀ ਦੀ ਰਸਮ ਪੰਜ ਪਿਆਰੇ ਸਾਹਿਬਾਨ ਵਲੋਂ ਕੀਤੀ ਗਈ।ਡਾ. ਵਿਜੇ ਸਤਬੀਰ ਸਿੰਘ ਮੁੱਖ ਪ੍ਰਬੰਧਕ ਗੁਰਦੁਆਰਾ ਸੱਚਖੰਡ ਬੋਰਡ ਨਾਦੇੜ ਨੇ ਕਿਹਾ ਕਿ ਕੱਤਕ ਸੁਦੀ ਦੂਜ ਸੰਨ 1708 ਈਸਵੀ ਨੂੰ ਅੱਜ ਦੇ ਦਿਨ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਸ਼ਬਦ ਗੁਰੂ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਦੀਵੀ ਗੁਰਤਾਗੱਦੀ ਅਰਪਨ ਕਰਕੇ ਹੁਕਮ ਕੀਤਾ" ਆਗਿਆ ਭਈ ਅਕਾਲੀ ਕੀ, ਤਬੀ ਚਲਾਯੋ ਪੰਥ ਸਬ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ।" ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿਰਫ ਸਿੱਖਾਂ ਦੇ ਹੀ ਨਹੀਂ ਸਗੋਂ ਸਮੁਚੀ ਮਾਨਵਤਾ ਦੇ ਗੁਰੂ ਹਨ ਤੇ ਸਰਬਸਾਂਝੀ ਵਾਲਤਾ ਦੇ ਪ੍ਰਤੀਕ ਹਨ ।ਗੁਰਤਾਗੱਦੀ ਦੇ ਇਤਿਹਾਸਕ ਦਿਹਾੜੇ ਨੂੰ ਸਮਰਪਿਤ 3 ਨਵੰਬਰ ਤੋਂ 7 ਨਵੰਬਰ ਤੱਕ ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਹੋ ਰਹੇ ਹਨ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ ਜੱਥੇ, ਵਿਦਵਾਨ ਕਥਾਕਾਰ, ਸੰਤ ਮਹਾਪੁਰਸ਼ ਉਚੇਚੇ ਤੌਰ 'ਤੇ ਪੁੱਜ ਰਹੇ ਹਨ ਇਸ ਮੌਕੇ ਡਾ. ਵਿਜੇ ਸਤਬੀਰ ਸਿੰਘ ਅਤੇ ਸ੍ਰ: ਜਸਵੰਤ ਸਿੰਘ ਬੇਬੀ ਨੇ ਗੁਰਤਾਗੱਦੀ ਗੁਰਪੁਰਬ ਦੂਜ ਦੀਆਂ ਸਮੂੰਹ ਸੰਗਤਾਂ ਨੂੰ ਵਧਾਈਆਂ ਦਿਤੀਆਂ।

ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਗੁਰਦੁਆਰਾ ਸ਼੍ਰੀ ਗੁਰੂ ਹਰਿ ਰਾਏ ਸਾਹਿਬ ਵੈਸਟਬ੍ਰਮਵਿਚ ਤੋਂ ਅਲੌਕਿਕ ਨਗਰ ਸਜਾਇਆ ਗਿਆ









ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ਼੍ਰੀ ਗੁਰੂ ਹਰਿ ਰਾਏ ਸਾਹਿਬ ਵੈਸਟਬ੍ਰਮਵਿਚ ਤੋਂ ਅਲੌਕਿਕ ਨਗਰ ਸਜਾਇਆ ਗਿਆ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਨਗਰ ਕੀਰਤਨ ਦੀ ਆਰੰਭਤਾ ਦੀ ਅਰਦਾਸ ਉਪਰੰਤ ਜੈਕਾਰਿਆਂ ਦੀ ਗੂੰਜ ਨਾਲ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਕਰਦੇ ਹੋਏ ਪੰਜ ਪਿਆਰਿਆਂ ਤੇ ਸਮੂਹ ਸੰਗਤਾਂ ਦੀ ਹਾਜ਼ਰੀ ਵਿੱਚ ਨਗਰ ਕੀਰਤਨ ਰਵਾਨਾ ਕੀਤਾ ਗਿਆ ਸਭ ਤੋਂ ਅੱਗੇ ਨਗਾਰੇ ਤੇ ਚੋਟਾਂ ਲਾਉਂਦੇ ਹੋਏ ਸਿੰਘ ਮਗਰ ਗੱਤਕੇ ਦੇ ਜੌਹਰ ਨਹਿੰਗ ਬਾਣੇ ਨਾਲ ਸਜੇ ਹੋਏ ਸਿੰਘਾ ਵਿਖਾ ਰਹੇ ਸਨ ਨਗਰ ਕੀਰਤਨ ਗੁਰੂ ਹਰਿ ਰਾਏ ਸਾਹਿਬ ਗੁਰਦੁਆਰਾ ਤੋ ਗੁਰੂ ਨਾਨਕ ਗੁਰਦੁਆਰਾ ,ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ਓਲਡਬਰੀ ਗੁਰਦੁਆਰਾ ਗੁਰੂ ਮਾਨਿਓ ਗ੍ਰੰਥ ਗੁਰਦੁਆਰਾ ਬਾਬਾ ਸੰਗ ਜੀ ਗੁਰੂ ਨਾਨਕ ਗੁਰਦੁਆਰਾ ਸਮੈਦਿਕ ਵਿਖੇ ਨਗਰ ਕੀਰਤਨ ਦੀ ਸਮਾਪਤੀ ਹੋਈ ਸਾਰੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਵੱਲੋਂ ਗੁਰੂ ਸਾਹਿਬ ਜੀ ਤੇ ਸੰਗਤਾਂ ਦਾ ਨਿੱਘਾ ਸੁਆਗਤ ਕੀਤਾ ਗਿਆ ਗੁਰੂ ਕੇ ਲੰਗਰ ਅਤੁੱਟ ਵਰਤੇਂ ਭਾਈ ਦਇਆ ਸਿੰਘ ਤੇ ਸਮੂਹ ਗੁਰਦੁਆਰਾ ਪ੍ਰਬੰਧ ਤੇ ਭਾਈ ਰਘਬੀਰ ਸਿੰਘ ਬੀਰਾ ਭਾਈ ਕੁਲਦੀਪ ਸਿੰਘ ਦਿਓਲ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਗੁਰਦੁਆਰਾ ਸ੍ਰੀ ਗੁਰੂ ਹਰਿ ਰਾਏ ਸਾਹਿਬ ਵੈਸਟਬ੍ਰਮਵਿਚ ਤੋਂ ਅਲੌਕਿਕ ਨਗਾਰ ਸਜਾਇਆ ਗਿਆ












ਆਵਾਜ਼ਿ ਕੌਮ
AWAZE QAUM
International Newspaper & WEB TV







(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਗੁਰਦੁਆਰਾ ਸ੍ਰੀ ਗੁਰੂ ਹਰਿ ਰਾਏ ਸਾਹਿਬ ਵੈਸਟਬ੍ਰਮਵਿਚ ਤੋਂ ਅਲੌਕਿਕ ਨਗਰ ਸਜਾਇਆ ਗਿਆ










(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼੍ਰੀ ਗੁਰੂ ਨਾਨਕ ਦੇਵ ਜੀ ਦੇ 555 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ

# ਗੁਰਦੁਆਰਾ ਸ੍ਰੀ ਗੁਰੂ ਹਰਿ ਰਾਏ ਸਾਹਿਬ ਵੈਸਟਬ੍ਰੋਮਵਿਚ ਤੋਂ ਅਲੌਕਿਕ ਨਗਰ ਸਜਾਇਆ ਗਿਆ









ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਪਾਕਿ ਗੁਰਦੁਆਰਾ ਕਮੇਟੀ ਨੇ ਗੁੱਜਰਾਂਵਾਲਾ 'ਚ

# ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦਾ ਜਨਮ ਦਿਵਸ ਮਨਾਇਆ

### ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਤੱਕ ਮੁਕੰਮਲ ਕੀਤੀ ਜਾਵੇਗੀ ਹਵੇਲੀ ਦੀ ਉਸਾਰੀ- ਅਰੋੜਾ


















**ਅੰਮ੍ਰਿਤਸਰ, 3 ਨਵੰਬਰ (ਆਵਾਜ਼ਿ ਕੌਮ ਬਿਊਰੋ)-** ਪਾਕਿਸਤਾਨ 'ਚ ਲਹਿੰਦੇ ਪੰਜਾਬ ਦੇ ਗੁੱਜਰਾਂਵਾਲਾ ਸ਼ਹਿਰ 'ਚ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਅੱਜ ਉੱਥੋਂ ਦੇ ਸਥਾਨਕ ਪ੍ਰਸ਼ਾਸਨ ਦੇ ਸਹਿਯੋਗ ਨਾਲ ਮੱਛੀ ਮੰਡੀ ਤੇ ਪੁਰਾਣੀ ਸਬਜ਼ੀ ਮੰਡੀ 'ਚ ਸਥਿਤ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਜੱਦੀ ਹਵੇਲੀ ਵਿਖੇ ਕੇਕ ਕੱਟ ਕੇ ਉਨ੍ਹਾਂ ਦਾ ਜਨਮ ਦਿਵਸ ਮਨਾਇਆ ਗਿਆ। ਇਸ ਮੌਕੇ ਲਹਿੰਦੇ ਪੰਜਾਬ ਦੇ ਘੱਟ-ਗਿਣਤੀ ਮਾਮਲਿਆਂ ਬਾਰੇ ਮੰਤਰੀ ਰਮੇਸ਼ ਸਿੰਘ ਅਰੋੜਾ, ਡਿਪਟੀ ਕਮਿਸ਼ਨਰ ਗੁੱਜਰਾਂਵਾਲਾ ਨਵੀਦ ਅਹਿਮਦ, ਸਹਾਇਕ ਕਮਿਸ਼ਨਰ ਇਕਰਾ ਮਬੀਨ, ਐੱਸ.ਪੀ. ਸ਼ਾਹਿਦ, ਪੀ.ਐੱਸ.ਜੀ.ਪੀ.ਸੀ. ਦੇ ਉਪ ਪ੍ਰਧਾਨ ਮਹੇਸ਼ ਸਿੰਘ ਦਾਰਾ, ਪੀ.ਐੱਸ.ਜੀ.ਪੀ.ਸੀ. ਦੀ ਜਨਰਲ ਸਕੱਤਰ ਸਤਵੰਤ ਕੌਰ, ਗੁਰਦੁਆਰਾ ਬਾਬੇ ਦੀ ਬੇਰ ਸਿਆਲਕੋਟ ਦੇ ਮੁੱਖ ਸੇਵਾਦਾਰ ਜਸਕਰਨ ਸਿੰਘ ਸਿੱਧੂ, ਹਰਮਿੰਦਰ ਸਿੰਘ, ਪਰਮਜੀਤ ਸਿੰਘ, ਸੁਰਿੰਦਰ ਸਿੰਘ ਅਤੇ ਗੁਰਚਰਨ ਸਿੰਘ ਬਨਵੈਤ ਆਦਿ ਹਾਜ਼ਰ ਸਨ। ਮੰਤਰੀ ਅਰੋੜਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਾਲਡ ਸਿਟੀ ਆਫ਼ ਲਾਹੌਰ ਅਥਾਰਿਟੀ (ਡਬਲਿਊ. ਸੀ. ਐੱਲ. ਏ.) ਵਲੋਂ ਲਗਭਗ 8 ਕਰੋੜ ਦੀ ਲਾਗਤ ਨਾਲ ਸ਼ੁਰੂ ਕੀਤੇ ਗਏ ਉਕਤ ਹਵੇਲੀ ਦੇ ਰੱਖ-ਰਖਾਅ ਪ੍ਰਾਜੈਕਟ ਨੂੰ ਅਗਲੇ ਸਾਲ ਦਸੰਬਰ ਮਹੀਨੇ ਤੱਕ ਖ਼ਤਮ ਕੀਤੇ ਜਾਣ ਦਾ ਐਲਾਨ ਕੀਤਾ ਗਿਆ ਹੈ, ਪਰ ਉਨ੍ਹਾਂ ਸੰਬੰਧਿਤ ਵਿਭਾਗ ਨੂੰ ਕਿਹਾ ਹੈ ਕਿ ਨਵਉਸਾਰੀ ਅਤੇ ਸੁੰਦਰੀਕਰਨ ਦੀ ਕਾਰਵਾਈ ਜੂਨ ਮਹੀਨੇ ਤੱਕ ਮੁਕੰਮਲ ਕੀਤੀ ਜਾਵੇ। ਉਨ੍ਹਾਂ ਦਾਅਵਾ ਕੀਤਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਲਾਹੌਰ ਸਥਿਤ ਮਹਾਰਾਜਾ ਰਣਜੀਤ ਸਿੰਘ ਦੀ ਸਮਾਧ ਅਤੇ ਉਕਤ ਹਵੇਲੀ ਦੋਵਾਂ ਸਥਾਨਾਂ 'ਤੇ ਸਮਾਗਮ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਉਕਤ ਹਵੇਲੀ ਦੀ ਉੱਪਰਲੀ ਮੰਜ਼ਿਲ ਦੇ ਇਕ ਕਮਰੇ ਦੇ ਬਾਹਰ ਸੰਨ 1891 'ਚ ਗੁੱਜਰਾਂਵਾਲਾ ਦੇ ਡਿਪਟੀ ਕਮਿਸ਼ਨਰ ਮਿ. ਡੀ. ਸੀ. ਜੇ. ਉਬਸਟਨ ਵਲੋਂ ਲਗਵਾਈ ਗਈ ਪੱਥਰ ਦੀ ਸਿਲ 'ਤੇ ਅੰਗਰੇਜ਼ੀ ਤੇ ਉਰਦੂ ਵਿਚ ਲਿਖਿਆ ਸਾਫ਼ ਪੜ੍ਹਿਆ ਜਾ ਸਕਦਾ ਹੈ। ਕਿ ਇਸ ਕਮਰੇ 'ਚ 2 ਨਵੰਬਰ 1780 ਨੂੰ ਮਹਾਰਾਜਾ ਰਣਜੀਤ ਸਿੰਘ ਦਾ ਜਨਮ ਹੋਇਆ।



### ਯਾਦਵਿੰਦਰਾ ਡਿਪਾਰਟਮੈਂਟ ਆਫ ਇੰਜੀਨੀਅਰਿੰਗ ਤਲਵੰਡੀ ਸਾਬੋ ਵਿਖੇ

# ਫਾਈਨਲ-ਈ-ਫਿਏਸਟਾ ਦਾ ਆਯੋਜਨ




**ਤਲਵੰਡੀ ਸਾਬੋ, 04 ਨਵੰਬਰ (ਗੁਰਜੰਟ ਸਿੰਘ ਨਥੇਹਾ)-** ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ, ਤਲਵੰਡੀ ਸਾਬੋ ਦੇ ਯਾਦਵਿੰਦਰਾ ਇੰਜਨੀਅਰਿੰਗ ਵਿਭਾਗ ਦੇ ਬੀ.ਟੈਕ, ਐਮ.ਸੀ.ਏ., ਡਿਪਲੋਮਾ ਅਤੇ ਬੀ.ਸੀ.ਏ. ਦੇ ਵਿਦਿਆਰਥੀਆਂ ਨੇ ਅਖੀਰਲੇ ਸਮੈਸਟਰ ਦੇ ਬੀ.ਟੈਕ, ਐਮ.ਸੀ.ਏ., ਡਿਪਲੋਮਾ ਅਤੇ ਬੀ.ਸੀ.ਏ. ਦੇ ਵਿਦਿਆਰਥੀਆਂ ਲਈ "ਫਾਈਨਲ-ਏ-ਫਿਏਸਤਾ" ਸਿਰਲੇਖ ਹੇਠ ਵਿਦਾਇਗੀ ਪਾਰਟੀ ਦਾ ਪ੍ਰਬੰਧ ਕੀਤਾ। ਇਸ ਪ੍ਰੋਗਰਾਮ ਦੀ ਸ਼ੁਰੂਆਤ ਪਾਰਟੀ ਦੇ ਕੋਆਰਡੀਨੇਟਰ ਡਾ: ਗਗਨਦੀਪ ਕੌਸ਼ਲ ਦੇ ਸੁਆਗਤੀ ਭਾਸ਼ਣ "ਇੱਕ ਨਵੀਂ ਸ਼ੁਰੂਆਤ ਦਾ ਮਿੱਠਾ ਅੰਤ" ਵਿਸ਼ੇ ਨਾਲ ਕੀਤੀ। ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ, ਫੈਸ਼ਨ ਸ਼ੋਅ, ਗੀਤਾਂ ਅਤੇ ਡਾਂਸ ਗਤੀਵਿਧੀਆਂ ਵਿੱਚ ਉਤਸ਼ਾਹ ਨਾਲ ਭਾਗ ਲਿਆ। ਡਾ. (ਪ੍ਰੋ) ਸਿੰਪਲ ਜਿੰਦਲ, ਵਿਭਾਗ ਦੇ ਮੁਖੀ ਨੇ ਵਿਦਿਆਰਥੀਆਂ ਨੂੰ ਪ੍ਰੇਰਣਾਦਾਇਕ ਸ਼ਬਦਾਂ ਨਾਲ ਸੰਬੋਧਨ ਕੀਤਾ ਅਤੇ ਭਵਿੱਖ ਵਿੱਚ ਹੋਰ ਯਤਨਾਂ ਅਤੇ ਉਚਾਈਆਂ ਹਾਸਲ ਕਰਨ ਲਈ ਅਸ਼ੀਰਵਾਦ ਦਿੱਤਾ, ਉਨ੍ਹਾਂ ਨੇ ਸਾਰੇ ਅਖੀਰਲੇ ਸਾਲ ਵਾਲੇ ਵਿਦਿਆਰਥੀਆਂ ਨੂੰ ਸਨੇਹ ਚਿੰਨ੍ਹ ਨਾਲ ਸਨਮਾਨਿਤ ਕੀਤਾ। ਮਿਸਟਰ ਕਪਿਲ ਮਹਾਰ ਬੀ.ਟੈਕ ਈਸੀਐਮ ਫਾਈਨਲ ਸਾਲ ਨੂੰ ਮਿਸਟਰ ਫੇਅਰਵੈਲ ਚੁਣਿਆ ਗਿਆ ਅਤੇ ਐਮਸੀਏ ਫਾਈਨਲ ਈਅਰ ਦੀ ਵਿਦਿਆਰਥਣ ਮਿਸ ਅੰਜਲੀ ਨੂੰ ਮਿਸ ਫੈਅਰਵੈੱਲ ਦਾ ਤਾਜ ਪਹਿਨਾਇਆ ਗਿਆ। ਬੀ.ਟੈਕ. ਸੀ.ਐੱਸ.ਈ. ਅਖੀਰਲੇ ਸਾਲ ਦੇ ਮਿਸਟਰ ਸ਼ਿਵਮ ਸ਼ਰਮਾ ਨੂੰ ਮਿਸਟਰ ਪਰਫੈਕਟ ਅਤੇ ਮਿਸ ਰੀਆ ਸ਼ਰਮਾ ਨੂੰ ਮਿਸ ਚਾਰਮਿੰਗ ਆਫ ਈਵੈਂਟ ਚੁਣਿਆ ਗਿਆ। ਇਸ ਮੌਕੇ ਕੈਂਪਸ ਡਾਇਰੈਕਟਰ ਵੱਲੋਂ ਪਾਸ ਆਊਟ ਵਿਦਿਆਰਥੀਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਤਿਹ ਦਿਲੋਂ ਧੰਨਵਾਦ ਕੀਤਾ। ਇਸ ਪਾਰਟੀ ਦੇ ਪ੍ਰਬੰਧਕਾਂ ਡਾ. ਗਗਨਦੀਪ ਕੌਸਲ, ਡਾ. ਸੁਨੀਤਾ ਰਾਣੀ ਅਤੇ ਸ੍ਰੀ ਰਾਮ ਸਿੰਘ ਦੀ ਦੇਖਰੇਖ ਵਿੱਚ ਇਹ ਪਾਰਟੀ ਬਹੁਤ ਹੀ ਵਧੀਆ ਢੰਗ ਨਾਲ ਸੰਪੂਰਨ ਹੋਈ। ਇਸ ਪ੍ਰੋਗਰਾਮ ਦੌਰਾਨ ਵਿਭਾਗ ਦੇ ਸਮੂਹ ਸਟਾਫ਼ (ਅਧਿਆਪਨ ਅਤੇ ਗੈਰ-ਅਧਿਆਪਨ) ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਲਵਾ ਵੈਲਫੇਅਰ ਕਲੱਬ ਤਲਵੰਡੀ ਸਾਬੋ ਦਾ ਹੋਇਆ ਸਲਾਨਾ ਇਜਲਾਸ



**ਤਲਵੰਡੀ ਸਾਬੋ, 04 ਨਵੰਬਰ (ਗੁਰਜੰਟ ਸਿੰਘ ਨਥੇਹਾ)-** ਤਲਵੰਡੀ ਸਾਬੋ ਸ਼ਹਿਰ ਅੰਦਰ ਸਮਾਜ ਸੇਵਾ ਅਤੇ ਖੇਡਾਂ ਦੇ ਖੇਤਰ ਵਿੱਚ ਆਪਣੀ ਪਹਿਚਾਣ ਬਣਾ ਚੁੱਕੀ ਮੋਹਰੀ ਸੰਸਥਾ ਮਾਲਵਾ ਵੈਲਫੇਅਰ ਕਲੱਬ ਦਾ ਅੱਜ ਸਲਾਨਾ ਇਜਲਾਸ ਕਲੱਬ ਦੇ ਦਫ਼ਤਰ ਵਿਖੇ ਹੋਇਆ ਜਿਸ ਵਿੱਚ ਕਲੱਬ ਦੇ ਸਮੂਹ ਮੈਬਰਾਂ ਅਤੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਸਭ ਤੋਂ ਪਹਿਲਾ ਪ੍ਰਧਾਨ ਵਿਕਾਸ ਸਿੰਗਲਾ ਨੇ ਪਿਛਲੇ 2 ਸਾਲਾਂ ਤੋਂ ਕੀਤੀਆ ਕਲੱਬ ਗਤੀਵਿਧੀਆਂ ਦੀ ਰਿਪੋਰਟ ਪੇਸ਼ ਕੀਤੀ ਅਤੇ ਉਸ ਤੋਂ ਬਾਅਦ ਖ਼ਜਾਨਚੀ ਮਨਦੀਪ ਸਿੰਘ ਧਾਲੀਵਾਲ ਦੁਆਰਾ ਸਾਲ ਭਰ ਦੀ ਆਮਦਨ ਅਤੇ ਖਰਚ ਦਾ ਲੇਖਾ ਜੋਖਾ ਪੇਸ਼ ਕੀਤਾ ਜਿਸ ਤੇ ਸਾਰੇ ਕਲੱਬ ਮੈਬਰਾਂ ਨੇ ਤਸੱਲੀ ਪ੍ਰਗਟ ਕੀਤੀ। ਸਕੱਤਰ ਗਗਨਦੀਪ ਸਿੰਘ ਵੱਲੋਂ ਸਮੂਹ ਕਲੱਬ ਮੈਬਰਾਂ ਨੂੰ ਕਲੱਬ ਦੇ ਇਤਿਹਾਸ ਦੀ ਜਾਣਕਾਰੀ ਦਿੰਦਿਆ ਦੱਸਿਆ ਕਿ ਮਾਲਵਾ ਕਲੱਬ ਨਗਰ ਦੀ ਸਭ ਤੋਂ ਪੁਰਾਣੀ ਸੰਸਥਾਂ ਹੈ ਜੋ ਸਾਲ 2003 ਤੋਂ ਸਮਾਜਸੇਵੀ ਸੇਵਾਵਾਂ ਸ਼ਹਿਰਵਾਸੀਆਂ ਨੂੰ ਦੇ ਰਹੇ ਹਨ। ਇਸ ਉਪਰੰਤ ਕਲੱਬ ਸਰਪ੍ਰਸਤ ਅੰਮ੍ਰਿਤਪਾਲ ਸਿੰਘ ਬਰਾੜ ਵੱਲੋਂ ਮੌਜੂਦਾ ਕਾਰਜਕਾਰਨੀ ਭੰਗ ਕਰਦੇ ਹੋਏ ਕਲੱਬ ਦੀ ਸਰਬਸੰਮਤੀ ਨਾਲ ਅਗਲੇ 2 ਸਾਲਾਂ ਲਈ ਚੋਣ ਕੀਤੀ ਗਈ ਜਿਸ ਵਿੱਚ ਗਗਨਦੀਪ ਸਿੰਘ ਹੈਪੀ ਗੋਦਾਰਾ ਨੂੰ ਕਲੱਬ ਦਾ ਨਵਾਂ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਅੰਮ੍ਰਿਤਪਾਲ ਸਿੰਘ ਬਰਾੜ ਨੂੰ ਸਰਪ੍ਰਸਤ, ਚੰਦਰ ਸ਼ੇਖਰ ਨੂੰ ਚੇਅਰਮੈਨ, ਜਗਨਦੀਪ ਸਿੰਘ ਨੂੰ ਸਕੱਤਰ, ਮਨਦੀਪ ਸਿੰਘ ਧਾਲੀਵਾਲ ਨੂੰ ਖਜ਼ਾਨਚੀ, ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਨੂੰ ਸੀਨੀਅਰ ਮੀਤ ਪ੍ਰਧਾਨ, ਅਮਨਦੀਪ ਸਿੰਘ ਸਹਾਇਕ ਸਕੱਤਰ, ਰਜਤ ਕੁਮਾਰ ਸਹਾਇਕ ਖਜ਼ਾਨਚੀ, ਵਿਕਾਸ ਸਿੰਗਲਾ ਪ੍ਰੈੱਸ ਸਕੱਤਰ, ਸ਼ੁਭਦੀਪ ਸਿੰਘ ਸੋਸ਼ਲ ਮੀਡੀਆ ਇੰਚਾਰਜ, ਐਡਵੋਕੇਟ ਸੁਖਪਾਲ ਸਿੰਘ ਨੂੰ ਕਾਨੂੰਨੀ ਸਲਾਹਕਾਰ ਚੁਣਿਆ ਗਿਆ। ਇਸਤੋਂ ਇਲਾਵਾ ਸ਼੍ਰੀ ਚਮਨ ਲਾਲ ਨੂੰ ਮੁੱਖ ਸਲਾਹਕਾਰ, ਬਲਕਰਨ ਸਿੰਘ ਮਾਨ ਅਤੇ ਬਲਵਿੰਦਰ ਸਿੰਘ ਵੱਡੂ ਨੂੰ ਸਲਾਹਕਾਰ ਅਤੇ ਕਾਰਜਕਾਰੀ ਮੈਂਬਰ ਅਤੇ ਗਗਨਦੀਪ ਸਿੰਘ ਅਤੇ ਨੱਥਾ ਸਿੰਘ ਨੂੰ ਨਵੇਂ ਕਲੱਬ ਮੈਂਬਰ ਵਜੋਂ ਸ਼ਾਮਿਲ ਕੀਤਾ ਗਿਆ। ਚੋਣ ਉਪਰੰਤ ਨਵੇਂ ਬਣੇ ਕਲੱਬ ਪ੍ਰਧਾਨ ਗਗਨਦੀਪ ਸਿੰਘ ਗੋਦਾਰਾ ਦੀ ਅਗਵਾਈ ਵਿੱਚ ਕਲੱਬ ਦੀਆਂ ਹੋਰ ਗਤੀਵਿਧੀਆਂ ਕਰਨ, ਨਵੇਂ ਸਾਲ ਦੇ ਕੈਲੰਡਰ ਜਾਰੀ ਕਰਨ ਅਤੇ ਰਾਮਬਾਗ ਪਾਰਕ ਦੀ ਸਾਂਭ ਸੰਭਾਲ ਕਰਨ ਬਾਰੇ ਵਿਚਾਰ ਵਟਾਂਦਰਾ ਹੋਇਆ। ਇਜਲਾਸ ਦੇ ਆਖ਼ਰ 'ਚ ਮੈਂਬਰ ਰਣਜੀਤ ਸਿੰਘ ਬਰਾੜ, ਹਰਬੰਸ ਸਿੰਘ ਮਾਨ, ਅਰਸ਼ਦੀਪ ਸਿੰਘ ਗਿੱਲ, ਰਾਜਦੀਪ ਢਿੱਲੋਂ, ਸੁਖਵਿੰਦਰ ਸਿੰਘ, ਵਿਜੈਪਾਲ ਚੌਧਰੀ, ਰਾਜਿੰਦਰ ਸਿੰਘ ਚੱਠਾ ਵੱਲੋਂ ਨਵੇਂ ਚੁਣੇ ਅਹੁਦੇਦਾਰਾਂ ਨੂੰ ਵਧਾਈ ਦਿੰਦੇ ਹੋਏ ਸਮਾਜ ਭਲਾਈ ਦੀ ਕੰਮਾਂ ਵਿੱਚ ਗਤੀਵਿਧੀਆਂ ਵਧਾਉਣ ਬਾਰੇ ਚਰਚਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

### ਤਕਨੀਕੀ ਜਾਣਕਾਰੀ ਲਈ ਕਿਸਾਨ ਵੀਰ ਆਪਣੇ ਨਜਦੀਕੀ ਖੇਤੀਬਾੜੀ ਦਫਤਰ ਵਿਖੇ ਤਇਨਾਤ ਖੇਤੀ ਮਾਹਿਰਾਂ ਨਾਲ ਕਰਨ ਰਾਬਤਾ - ਮੁੱਖ ਖੇਤੀਬਾੜੀ ਅਫਸਰ

# ਖਾਦਾਂ ਦੀ ਵਰਤੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀਆਂ ਸਿਫਾਰਿਸ਼ਾ ਅਨੁਸਾਰ ਹੀ ਕੀਤੀ ਜਾਵੇ



**ਜੰਡਿਆਲਾ ਗੁਰੂ, 4 ਨਵੰਬਰ ( ਕੁਲਵੰਤ ਸਿੰਘ ਵਿਰਦੀ)-** ਮੁੱਖ ਖੇਤੀਬਾੜੀ ਅਫਸਰ ਸ: ਤਜਿੰਦਰ ਸਿੰਘ ਨੇ ਕਣਕ ਦੀ ਬਿਜਾਈ ਲਈ ਕਿਸਾਨਾਂ ਨੂੰ ਜਾਗਰੂਕ ਕਰਦਿਆਂ ਦੱਸਿਆ ਕਿ ਤੱਤਾਂ ਦੀ ਪੂਰਤੀ ਲਈ ਜੈਵਿਕ ਖਾਦਾਂ, ਜੀਵਾਣੂ ਅਤੇ ਰਸਾਇਣਕ ਖਾਦਾਂ ਦੇ ਸੁਮੇਲ ਦੀ ਵਰਤੋਂ ਕਰਕੇ ਕਰਨੀ ਚਾਹੀਦੀ ਹੈ। ਕਣਕ ਦੀ ਬਿਜਾਈ ਤੋਂ ਪਹਿਲਾਂ ਬੀਜ ਦੀ ਸੋਧ ਜੀਵਾਣੂ ਖਾਦ ਦੇ ਟੀਕੇ ਨਾਲ ਕਰਨ ਲਈ 500 ਗ੍ਰਾਮ ਕਨਸ਼ੋਰਸ਼ੀਅਮ ਜਾਂ 250 ਗ੍ਰਾਮ ਅਜੋਟੋਬੈਕਟਰ ਅਤੇ 250 ਗ੍ਰਾਮ ਸਟਰੈਪਟੋਮਾਈਸੀਜ ਨੂੰ ਇੱਕ ਲੀਟਰ ਪਾਣੀ ਵਿੱਚ ਮਿਲਾ ਕੇ ਕਣਕ ਦੇ ਪ੍ਰਤੀ ਏਕੜ ਬੀਜ ਨਾਲ ਚੰਗੀ ਤਰਾਂ ਮਿਲਾ ਲਉ ਅਤੇ ਸੋਧੇ ਹੋਏ ਬੀਜ ਨੂੰ ਪੱਕੇ ਫਰਸ਼ ਤੇ ਛਾਵੇਂ ਸੁਕਾ ਲਉ ਅਤੇ ਛੇਤੀ ਬੀਜ ਦਿਉ। ਬੀਜ ਨੂੰ ਜੀਵਾਣੂ ਖਦ ਦਾ ਟੀਕਾ ਲਗਾਉਣ ਨਾਲ ਝਾੜ ਵਿੱਚ ਵਾਧਾ ਹੁੰਦਾ ਹੈ ਅਤੇ ਜਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ ਕਿਉਂਕਿ ਇਹ ਜੀਵਾਣੂ ਕਣਕ ਦੇ ਫਸਲ ਨੂੰ ਜਮੀਨ ਵਿੱਚਲੇ ਮੌਜੂਦ ਖੁਰਾਕੀ ਤੱਤਾਂ ਦੀ ਪੂਰਤੀ ਕਰਵਾਉਣ ਵਿਚ ਸਹਾਈ ਹੁੰਦੇ ਹਨ। ਜੀਵਾਣੂ ਖਾਦ ਦੇ ਇਹ ਟੀਕੇ ਕ੍ਰਿਸ਼ੀ ਵਿਗਿਆਨ ਕੇਂਦਰ/ਫਾਰਮ ਸਲਾਹਕਾਰ ਕੇਂਦਰ, ਜਹਾਂਗੀਰ, ਅਮ੍ਰਿਤਸਰ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। ਜਿੰਨਾਂ ਖੇਤਾਂ ਵਿੱਚ ਆਲੂ ਅਤੇ ਮਟਰ ਦੀ ਬਿਜਾਈ ਤੋਂ ਪਹਿਲਾਂ ਡੀ.ਏ.ਪੀ ਖਾਦ ਦੀ ਬਰਤੋਂ ਕੀਤੀ ਗਈ ਹੈ ਉਹਨਾਂ ਖੇਤਾਂ ਵਿੱਚ ਕਣਕ ਦੀ ਬਿਜਾਈ ਸਮੇਂ ਫਾਸਫੋਰਸ ਖਾਦ ਪਾਉਣ ਦੀ ਜਰੂਰਤ ਨਹੀ ਪੈਂਦੀ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਮੌਜੂਦਾ ਸਮੇਂ ਡੀ.ਏ.ਪੀ ਤੋਂ ਇਲਾਵਾ ਟ੍ਰਿਪਲ ਸੁਪਰ ਫਾਸਫੇਟ 46% ਖਾਦ ਵੀ ਕਣਕ ਦੀ ਬਿਜਾਈ ਵਾਸਤੇ ਉਪਲੱਬਧ ਕਰਵਾਈ ਹੈ, ਜਿਸ ਵਿੱਚ ਡੀ.ਏ.ਪੀ ਖਾਦ ਦੀ ਬਰਾਬਰ ਮਾਤਰਾ ਵਿੱਚ 46% ਫਾਸਫੋਰਸ ਤੱਤ ਮੌਜੂਦ ਹੈ। ਕਿਸਾਨ ਵੀਰਾਂ ਨੂੰ ਸਲਾਹ ਦਿੱਤੀ ਜਾਦੀ ਹੈ ਕਿ ਪ੍ਰਤੀ ਏਕੜ ਇਕ ਬੈਗ ਡੀ.ਏ.ਪੀ ਜਾਂ ਟੀ.ਐਸ.ਪੀ ਖਾਦ ਦੀ ਵਰਤੋਂ ਕਰਕੇ ਕਣਕ ਦੀ ਬਿਜਾਈ ਕੀਤੀ ਜਵੇ। ਜੇਕਰ ਟੀ.ਐਸ.ਪੀ 46% ਖਾਦ ਦੀ ਵਰਤੋਂ ਕਰਨੀ ਹੋਵੇ ਤਾਂ ਇਸ ਨਾਲ 20 ਕਿਲੋਗ੍ਰਾਮ ਯੂਰੀਆ ਖਾਦ ਪ੍ਰਤੀ ਏਕੜ ਬਿਜਾਈ ਸਮੇਂ ਛੱਟੇ ਨਾਲ ਵਰਤੀ ਜਾ ਸਕਦੀ ਹੈ, ਜਿਸ ਨਾਲ ਡੀ.ਏ.ਪੀ ਖਾਦ ਦੇ ਬਰਾਬਰ ਮਾਤਰਾ ਵਿੱਚ ਨਾਈਟ੍ਰੋਜਨ ਅਤੇ ਫਾਸਫੋਰਸ ਤੱਤ ਦੀ ਪੂਰਤੀ ਕੀਤੀ ਜਾ ਸਕਦੀ ਹੈ। ਜੇਕਰ ਕਣਕ ਦੀ ਬਿਜਾਈ ਸਿੰਗਲ ਸੁਪਰ ਫਾਸਫੇਟ 16% (ਫਾਸਫੋਰਸ) ਖਾਦ ਦੀ ਵਰਤੋਂ ਕਰਕੇ ਕਰਨੀ ਹੋਵੇ ਤਾਂ 155 ਕਿਲੋਗ੍ਰਾਮ ਸਿੰਗਲ ਸੁਪਰ ਫਾਸਫੇਟ 16% ਪ੍ਰਤੀ ਏਕੜ ਵਰਤ ਕੇ ਕਣਕ ਦੀ ਫਸਲ ਵਿੱਚ ਫਾਸਫੋਰਸ ਤੱਤ ਦੀ ਪੂਰਤੀ ਲਈ ਕੀਤੀ ਜਾ ਸਕਦੀ ਹੈ। ਕਣਕ ਦੀ ਫਸਲ ਵਿੱਚ ਖਾਦ ਦੀ ਵਰਤੋਂ ਸਬੰਧੀ ਹੋਰ ਵਧੇਰੇ ਤਕਨੀਕੀ ਜਾਣਕਾਰੀ ਲਈ ਕਿਸਾਨ ਵੀਰ ਆਪਣੇ ਨਜਦੀਕੀ ਖੇਤੀਬਾੜੀ ਦਫਤਰ ਵਿਚ ਤਇਨਾਤ ਖੇਤੀ ਮਾਹਿਰਾਂ ਨਾਲ ਰਾਬਤਾ ਕਰ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਅਕੈਡਮੀ ਨੇ ਜਿੱਤੀ ਨੈਸ਼ਨਲ ਹਾਕੀ ਚੈਂਪੀਅਨਸ਼ਿਪ

## ਦੇਸ਼ ਭਰ ਦੇ ਸੀ.ਬੀ.ਐੱਸ.ਈ ਸਕੂਲਾਂ ਚੋਂ ਹਾਸਲ ਕੀਤਾ ਪਹਿਲਾ ਸਥਾਨ




**ਚੌਕ ਮਹਿਤਾ, 4 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਕ ਜੋ ਕਿ ਦਮਦਮੀ ਟਕਸਾਲ ਦੇ 16ਵੇਂ ਮੁਖੀ ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਪ੍ਰਧਾਨ ਸੰਤ ਸਮਾਜ ਜੀ ਦੀ ਸੰਯੋਗ ਰਹਿਨੁਮਾਈ ਹੇਠ ਚੱਲ ਰਿਹਾ ਦੇ ਹਾਕੀ ਖਿਡਾਰੀਆਂ ਨੇ ਦੇਸ਼ ਭਰ ਦੇ ਸੀ.ਬੀ.ਐੱਸ.ਈ.ਸਕੂਲਾਂ ਵਿੱਚੋਂ ਅੰਡਰ 19 ਵਰਗ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ। ਖਾਲਸਾ ਅਕੈਡਮੀ ਦੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਜਤਿੰਦਰ ਕੁਮਾਰ ਸ਼ਰਮਾ ਜੀ ਨੇ ਦੱਸਿਆ ਕਿ ਸੀ.ਬੀ.ਐੱਸ.ਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ 2024-25 ਸ਼੍ਰੀ ਭਵਨ ਭਾਰਤੀ ਪਬਲਿਕ ਸਕੂਲ ਭੋਪਾਲ ਵਿਖੇ 25 ਅਕਤੂਬਰ ਤੋਂ 29 ਅਕਤੂਬਰ ਤੱਕ ਕਰਵਾਈ ਗਈ। ਜਿਸ ਵਿੱਚ ਪੂਰੇ ਭਾਰਤ ਦੇ ਸੀ.ਬੀ.ਐਸ.ਸੀ ਸਕੂਲਾਂ ਦੀਆਂ 9 ਜੋ.ਨਾਂ ਦੀਆਂ ਜੇਤੂ ਟੀਮਾਂ ਨੇ ਭਾਗ ਲਿਆ। ਕੁੱਲ 54 ਟੀਮਾਂ ਵਿੱਚੋਂ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਮਹਿਤਾ ਚੌਕ ਨੇ ਪਹਿਲਾ ਸਥਾਨ ਹਾਸਲ ਕੀਤਾ। ਕੋਚ ਸ ਬਲਜਿੰਦਰ ਸਿੰਘ ਦੀ ਅਗਵਾਈ ਹੇਠ ਅੰਡਰ 19 ਹਾਕੀ ਖਿਡਾਰੀਆਂ ਨੇ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਜਿੱਤ ਕੇ ਪਹਿਲਾ ਸਥਾਨ ਹਾਸਿਲ ਕੀਤਾ ਜਦੋ ਕਿ ਅੰਡਰ 17 ਹਾਕੀ ਖਿਡਾਰੀਆਂ ਨੇ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਵਿੱਚ ਦੂਜਾ ਸਥਾਨ ਹਾਸਲ ਕਰਕੇ ਖਾਲਸਾ ਅਕੈਡਮੀ ਦਾ ਨਾਮ ਰੋਸ਼ਨ ਕੀਤਾ। ਸਕੂਲ ਵਿੱਚ ਪਹੁੰਚਣ ਤੇ ਵਿਦਿਆਰਥੀਆਂ ਦਾ ਸਵਾਗਤ ਢੋਲ ਧਮੱਕੇ ਅਤੇ ਆਤਿਸ਼ਬਾਜ਼ੀ ਚਲਾ ਕੇ ਕੀਤਾ ਗਿਆ। ਜਿਸ ਨਾਲ ਸਾਰੇ ਇਲਾਕੇ ਵਿੱਚ ਇੱਕ ਖੁਸ਼ੀ ਦੀ ਲਹਿਰ ਛਾ ਗਈ। ਇਸ ਖੁਸ਼ੀ ਦੇ ਮੌਕੇ ਤੇ ਸਕੂਲ ਦੇ ਡਾਇਰੈਕਟਰ/ ਪ੍ਰਿੰਸੀਪਲ ਡਾਕਟਰ ਜਤਿੰਦਰ ਕੁਮਾਰ ਸ਼ਰਮਾ, ਪ੍ਰਿੰਸੀਪਲ: ਹਰਸ਼ਦੀਪ ਸਿੰਘ ਰੰਧਾਵਾ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਹਾਕੀ ਕੋਚ ਸਰਦਾਰ ਬਲਜਿੰਦਰ ਸਿੰਘ, ਮਨਮੀਤ ਸਿੰਘ, ਹਰਜੀਤ ਕੌਰ ਅਤੇ ਸਮੂਹ ਅਧਿਆਪਕ ਸਾਹਿਬਾਨ ਨੇ ਬੱਚਿਆਂ ਅਤੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਬਾਣੀ ਰਿਸਰਚ ਫਾਊਂਡੇਸ਼ਨ ਅਤੇ ਗੁਰੂ ਹਰਿਕ੍ਰਿਸ਼ਨ ਸੇਵਾ ਸੁਸਾਇਟੀ ਵੱਲੋਂ ਦਸਤਾਰ ਮੁਕਾਬਲੇ 10 ਨਵੰਬਰ ਨੂੰ ਦਿਲੀ ਹਾਟ ਵਿਖੇ

# ਪਗ ਦਾ ਸਿੱਖਾਂ ਲਈ ਖਾਸ ਮਹੱਤਵ ਤੇ ਸਰਦਾਰੀ ਦਾ ਪ੍ਰਤੀਕ: ਪਰਮਜੀਤ ਸਿੰਘ ਵੀਰਜੀ



**ਨਵੀਂ ਦਿੱਲੀ, 4 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-** ਗੁਰਬਾਣੀ ਰਿਸਰਚ ਫਾਊਂਡੇਸ਼ਨ ਅਤੇ ਗੁਰੂ ਹਰਿਕਿਸ਼ਨ ਸੇਵਾ ਸੁਸਾਇਟੀ ਵੱਲੋਂ 10 ਨਵੰਬਰ ਨੂੰ ਦਿਲੀ ਹਾਟ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦਸਤਾਰ ਮੁਕਾਬਲੇ ਕਰਵਾਏ ਜਾ ਰਹੇ ਹਨ। ਗੁਰਬਾਣੀ ਰਿਸਰਚ ਫਾਊਂਡੇਸ਼ਨ ਅਤੇ ਗੁਰੂ ਹਰਿਕ੍ਰਿਸ਼ਨ ਸੇਵਾ ਸੁਸਾਇਟੀ ਦੇ ਪ੍ਰਧਾਨ ਪਰਮਜੀਤ ਸਿੰਘ ਵੀਰ ਜੀ ਅਤੇ ਸਕੱਤਰ ਲਵਲੀ ਕੋਹਲੀ ਨੇ ਦੱਸਿਆ ਕਿ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਐਤਵਾਰ ਨੂੰ ਦੁਪਹਿਰ 3 ਵਜੇ ਤੋਂ ਦਿੱਲੀ ਹਾਟ, ਜਨਕ ਪੁਰੀ ਵਿਖੇ ਦਸਤਾਰ ਮੁਕਾਬਲੇ ਕਰਵਾਏ ਜਾਣਗੇ, ਜਿਸ ਵਿੱਚ ਭਾਗ ਲੈਣ ਵਾਲੇ ਜੇਤੂ ਬੱਚਿਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਇਹ ਮੁਕਾਬਲਾ 5 ਤੋਂ 18 ਸਾਲ ਦੇ ਨੌਜਵਾਨਾਂ ਵਿਚਕਾਰ ਹੋਵੇਗਾ। ਦਸਤਾਰ ਸਜਾਉਣ ਲਈ ਕੁਝ ਸਮਾਂ ਦਿੱਤਾ ਜਾਵੇਗਾ ਅਤੇ ਪਹਿਲੇ ਪੰਜ ਜੇਤੂਆਂ ਨੂੰ ਯਾਦਗਾਰੀ ਚਿੰਨ੍ਹ ਅਤੇ ਰੰਗਦਾਰ ਟੀਵੀ, ਫਰਿੱਜ, ਵਾਸ਼ਿੰਗ ਮਸ਼ੀਨ, ਮਿਕਸਰ ਅਤੇ ਓਵਨ ਇਨਾਮ ਵਜੋਂ ਦਿੱਤਾ ਜਾਵੇਗਾ ਜਦਕਿ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਪਰਮਜੀਤ ਸਿੰਘ ਵੀਰਜੀ ਨੇ ਇਹ ਪ੍ਰਤੀਯੋਗਿਤਾ ਬਾਰੇ ਦਸਿਆ ਕਿ ਸਿੱਖ ਧਰਮ ਵਿੱਚ ਪੱਗ ਪਹਿਲੇ ਗੁਰੂ ਦੇ ਸਮੇਂ ਤੋਂ ਹੀ ਬੰਨੀ ਜਾਂਦੀ ਰਹੀ ਹੈ ਪਰ ਗੁਰੂ ਗੋਬਿੰਦ ਸਿੰਘ ਜੀ 1699 ਦੀ ਵਿਸਾਖੀ ਨੂੰ ਸਿੱਖਾਂ ਦੀ ਵੱਖਰੀ ਪਛਾਣ ਦੇਣ ਲਈ ਕੇਸਾਂ ਲਈ ਦਸਤਾਰ (ਪੱਗ) ਲਾਜ਼ਮੀ ਕਰ ਦਿੱਤੀ। ਪਾਉਂਟਾ ਸਾਹਿਬ ਵਿਖੇ "ਗੁਰਦੁਆਰਾ ਦਸਤਾਰ ਅਸਥਾਨ" ਦਾ ਇਤਿਹਾਸ ਇਹ ਦੱਸਦਾ ਹੈ ਕਿ ਗੁਰੂ ਸਾਹਿਬ ਉਥੇ ਸੋਹਣੀਆਂ ਦਸਤਾਰਾਂ ਦੇ ਮੁਕਾਬਲੇ ਕਰਵਾ ਕੇ ਜੇਤੂਆਂ ਨੂੰ ਸਨਮਾਨ ਦਿੰਦੇ ਹੁੰਦੇ ਸੀ। ਪੱਗ ਲਈ ਜਿੰਨੀਆਂ ਕੁਰਬਾਨੀਆਂ ਸਿੱਖ ਧਰਮ 'ਚ ਮਿਲਦੀਆਂ ਹਨ, ਉਨ੍ਹੀਆਂ ਕਿਸੇ ਹੋਰ ਧਰਮ 'ਚ ਨਹੀਂ। ਸਮੇਂ ਦੇ ਬਦਲਾਅ ਕਾਰਨ ਪੱਗੜੀ ਦਾ ਰਿਵਾਜ ਘੱਟਦਾ ਜਾ ਰਿਹਾ ਹੈ ਅਤੇ ਟੋਪੀ ਦਾ ਰਿਵਾਜ਼ ਚੱਲ ਪਿਆ ਹੋਣ ਕਰਕੇ ਸਿੱਖ ਧਰਮ ਵਿੱਚ ਵੀਂ ਇਸਦਾ ਅਸਰ ਦੇਖਣ ਨੂੰ ਮਿਲ ਰਿਹਾ ਹੈ। ਇਸ ਲਈ ਅਸੀਂ ਇਹ ਪ੍ਰੋਗਰਾਮ ਕਰਵਾ ਕੇ ਨੌਜੁਆਨ ਪੀੜੀ ਨੂੰ ਆਪਣੇ ਵਿਰਸੇ ਨਾਲ ਜੋੜ ਕੇ ਰੱਖਣ ਲਈ ਇਕ ਉਪਰਾਲਾ ਕਰ ਰਹੇ ਹਾਂ ਕਿਉਕਿ ਪੱਗ ਸਭਿਆਚਾਰ ਦਾ ਜਿੱਥੇ ਪ੍ਰਤੀਕ ਹੈ ਉੱਥੇ ਹੀ ਉਹ ਵਿਰਸੇ ਦਾ ਅਨਿੱਖੜਵਾਂ ਅੰਗ ਹੈ। ਪੱਗ ਜਿੱਥੇ ਸਿੱਖਾਂ ਲਈ ਖਾਸ ਮਹੱਤਵ ਰੱਖਦੀ ਹੈ ਉਥੇ ਹੀ ਹੋਰ ਧਰਮਾਂ ਵਿੱਚ ਵੀ ਇਸਦਾ ਆਪਣਾ ਸਥਾਨ ਹੈ ਤੇ ਅਸਲ ਵਿੱਚ ਦਸਤਾਰ ਹੀ ਸਾਡੀ ਸਰਦਾਰੀ ਦਾ ਪ੍ਰਤੀਕ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਸਾਮਪੁਰ ਨੇੜੇ ਨੂਰਮਹਿਲ ਵਿਖੇ ਗਿਆਨੀ ਬਘੇਲ ਸਿੰਘ ਜੀ (ਯੂ. ਕੇ.) ਇਗਲੈਂਡ ਦਮਦਮੀ ਟਕਸਾਲ, ਵਾਲਿਆਂ ਵੱਲੋਂ

# ਸ਼ਹੀਦਾਂ ਸਿੰਘਾਂ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ

## ਸਿੰਘ ਸਾਹਿਬ ਵੱਲੋਂ ਬਾਬੇ ਸਿੰਘ ਸ਼ਹੀਦ ਕਿਤਾਬ ਰਿਲੀਜ਼ ਕੀਤੀ ਗਈ









(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਜਲੰਧਰ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਅੱਜ ਗੁਰਦੁਆਰਾ ਸ਼ਹੀਦਾਂ ਸਿੰਘਾਂ ਪਿੰਡ ਸਾਮਪੁਰ ਨੇੜੇ ਨੂਰਮਹਿਲ ਵਿਖੇ, ਗਿਆਨੀ ਬਘੇਲ ਸਿੰਘ ਜੀ ਦਮਦਮੀ ਟਕਸਾਲ ਇਗਲੈਂਡ ਵਾਲਿਆਂ ਅਤੇ ਸਮੂਹ ਪਰਿਵਾਰ ਵੱਲੋਂ, ਸਮੂਹ ਸ਼ਹੀਦਾਂ ਸਿੰਘਾਂ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ, ਇਸ ਮੌਕੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਜੀ ਰੋਡੇ ਵੱਲੋਂ ਕਥਾ ਵਿਚਾਰਾਂ ਕੀਤੀਆਂ ਗਈਆਂ, ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ, ਅਤੇ ਅਰਦਾਸ ਬੇਨਤੀ ਕੀਤੀ ਗਈ, ਉਪਰੰਤ ਬਾਬੇ ਸਿੰਘ ਸ਼ਹੀਦ ਕਿਤਾਬ ਵੀ ਰੀਲੀਜ਼ ਕੀਤੀ ਗਈ, ਜਿਸ ਵਿੱਚ ਸਿੰਘਾਂ ਸ਼ਹੀਦਾਂ ਬਾਰੇ ਅਤੇ ਬਾਬੇ ਸ਼ਬਦ ਬਾਰੇ ਪੂਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ਹੈ। ਆਪ ਸਭ ਇਸ ਕਿਤਾਬ ਨੂੰ ਇੱਕ ਵਾਰ ਜਰੂਰ ਪੜ੍ਹਨ ਦਾ ਯਤਨ ਕਰਨਾ ਜੀ। ਇਹ ਕਿਤਾਬ ਗਿਆਨੀ ਬਘੇਲ ਸਿੰਘ (ਯੂ. ਕੇ.) ਦਮਦਮੀ ਟਕਸਾਲ ਉਨ੍ਹਾਂ ਦੁਆਰਾ ਲਿਖੀ ਗਈ ਹੈ। ਆਵਾਜਿ ਕੌਮ ਬਿਉਰੋ ਵੱਲੋਂ ਅਤੇ ਸਮੂਹ ਟੀਮ ਵੱਲੋਂ ਅਸੀ ਉਨਾਂ ਦੀ ਕਿਤਾਬ ਰਿਲੀਜ਼ ਹੋਣ ਤੇ ਵਧਾਈਆਂ ਵੀ ਦਿੰਦੇ ਹਾਂ, ਅਤੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਵਾਹਿਗੁਰੂ ਚੜ੍ਹਦੀ ਕਲਾ ਕਰਨ, ਅਤੇ ਸਿੱਖ ਕੌਮ ਦੀ ਸੇਵਾ ਲੈਂਦੇ ਰਹਿਣ। ਇਸ ਮੌਕੇ ਵੱਖ ਵੱਖ ਧਾਰਮਿਕ ਸਖਸ਼ੀਅਤਾਂ ਅਤੇ ਐਨ.ਆਰ.ਆਈ ਵੀਰਾਂ ਨੇ ਵੀ ਹਾਜ਼ਰੀ ਭਰੀ। ਗਿਆਨੀ ਬਘੇਲ ਸਿੰਘ ਜੀ ਅਤੇ ਸਮੂਹ ਪਰਿਵਾਰ ਵੱਲੋਂ ਸਭ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪਿੰਡ ਸਾਮਪੁਰ ਨੇੜੇ ਨੂਰਮਹਿਲ ਵਿਖੇ ਗਿਆਨੀ ਬਘੇਲ ਸਿੰਘ ਜੀ (ਯੂ. ਕੇ.) ਇਗਲੈਂਡ ਦਮਦਮੀ ਟਕਸਾਲ, ਵਾਲਿਆਂ ਵੱਲੋਂ

# ਸ਼ਹੀਦਾਂ ਸਿੰਘਾਂ ਨੂੰ ਸਮਰਪਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ

## ਵੱਡੀ ਗਿਣਤੀ ’ਚ ਸੰਗਤਾਂ ਨੇ ਕੀਤੀ ਸ਼ਮੂਲੀਅਤ











ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਵੱਲੋਂ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਕੀਤੀ ਗਈ

## ਵੱਡੀ ਗਿਣਤੀ 'ਚ ਸਿੱਖ ਸੰਗਤਾਂ ਨੇ ਭਰੀ ਹਾਜ਼ਰੀ









ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਅੱਜ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਅਤੇ ਦਰਸ਼ਨ ਦੀਦਾਰੇ ਕਰਦੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਨਮਾਨਿਤ ਕਰਦੇ ਪ੍ਰਬੰਧਕ ਅਤੇ ਇਸ ਮੌਕੇ ਹਾਜ਼ਰੀ ਭਰਦੀਆਂ ਸਿੱਖ ਸੰਗਤਾਂ।

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ਹੀਦ ਜਨਰਲ ਸੁਬੇਗ ਸਿੰਘ, ਸ਼ਹੀਦ ਬਲਬੀਰ ਸਿੰਘ ਕੋਲੋਵਾਲ ਤੇ ਸ਼ਹੀਦ ਮੇਜਰ ਸਿੰਘ ਦੀ ਯਾਦ 'ਚ

# ਕਰਵਾਇਆ ਸ਼ਹੀਦੀ ਸਮਾਗਮ, ਦੁਮਾਲਾ ਮੁਕਾਬਲਾ ਤੇ ਗਤਕਾ ਕੱਪ






**ਅੰਮ੍ਰਿਤਸਰ, 4 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਸੰਤ ਜਰਨੈਲ ਸਿੰਘ ਭਿੰਡਰਾਂਵਾਲ਼ਿਆਂ ਵੱਲੋਂ ਅਰੰਭੇ ਸੰਘਰਸ਼ 'ਚ ਸ਼ਹਾਦਤਾਂ ਦਾ ਜਾਮ ਪੀਣ ਵਾਲ਼ੇ ਸ਼ਹੀਦ ਜਨਰਲ ਸ਼ਾਬੇਗ ਸਿੰਘ ਖਿਆਲਾ, ਫੈਡਰੇਸ਼ਨ ਦੇ ਜੁਝਾਰੂ ਸ਼ਹੀਦ ਭਾਈ ਬਲਬੀਰ ਸਿੰਘ ਕੋਲੋਵਾਲ ਤੇ ਸ਼ਹੀਦ ਭਾਈ ਮੇਜਰ ਸਿੰਘ ਕੋਲੋਵਾਲ ਦਾ ਸ਼ਹੀਦੀ ਦਿਹਾੜਾ ਗੁ. ਸ਼ਹੀਦਾਂ ਸਾਧਸੰਗਤ, ਪਿੰਡ ਕੋਲੋਵਾਲ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਖ਼ਾਲਸਾਈ ਜਾਹੋ ਜਲਾਲ ਨਾਲ਼ ਮਨਾਇਆ ਗਿਆ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਖੁੱਲ੍ਹੇ ਪੰਡਾਲ 'ਚ ਸੁੰਦਰ ਦੀਵਾਨ ਸਜੇ ਜਿੱਥੇ ਸੰਗਤਾਂ ਦਾ ਹੜ੍ਹ ਆ ਗਿਆ। ਅਕਾਲ ਅਕੈਡਮੀ ਚੋਗਾਵਾਂ ਦਾ ਕੀਰਤਨੀ ਜੱਥਾ, ਪੰਥਕ ਕਵੀਸ਼ਰ ਭਾਈ ਗੁਰਸੇਵਕ ਸਿੰਘ ਪੱਧਰੀ, ਢਾਡੀ ਜਥਾ ਭਾਈ ਗੁਰਪ੍ਰਤਾਪ ਸਿੰਘ ਪਦਮ, ਬਾਬਾ ਕਿਰਪਾਲ ਸਿੰਘ ਗੁਰੂ ਕੇ ਬਾਗ ਵਾਲ਼ੇ ਤੇ ਬਾਬਾ ਜੋਗਿੰਦਰ ਸਿੰਘ ਗੁ.. ਸ਼ਹੀਦਾਂ ਲੋਪੋਕੇ ਨੇ ਸ਼ਹੀਦਾਂ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।

ਸਿੱਖ ਪ੍ਰਚਾਰਕ, ਪੰਥਕ ਲੇਖਕ ਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਤੇ ਕਵੀਸ਼ਰ ਭਾਈ ਗੁਰਸੇਵਕ ਸਿੰਘ ਪੱਧਰੀ ਨੇ ਇਲਾਕੇ ਦੇ ਸ਼ਹੀਦਾਂ ਦੇ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ, ਦਸਤਾਰ ਅਤੇ ਦੁਮਾਲਾ ਮੁਕਾਬਲੇ 'ਚ ਹਿੱਸਾ ਲੈਣ ਵਾਲੇ ਨੌਜਵਾਨਾਂ ਨੂੰ ਸ਼ੀਲਡਾਂ, ਸਿਰੋਪਿਆਂ ਤੇ ਮੈਡਲਾਂ ਨਾਲ ਸਨਮਾਨਿਆ। ਮਹਾਨ ਗੱਤਕਾ ਕੱਪ ਵੀ ਕਰਵਾਇਆ ਜਿਸ ਵਿੱਚ ਕਈ ਗੱਤਕਾ ਪਾਰਟੀਆਂ ਨੇ ਹਿੱਸਾ ਲਿਆ ਤੇ ਜੇਤੂ ਟੀਮਾਂ ਨੂੰ ਨਗਦ ਇਨਾਮ, ਵੱਡੀਆਂ ਟਰਾਫੀਆਂ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

### ਭਾਈ ਰਣਜੀਤ ਸਿੰਘ ਤੇ ਗੁਰਸੇਵਕ ਸਿੰਘ ਪੱਧਰੀ ਵੱਲੋਂ ਜੇਤੂ ਟੀਮਾਂ ਦਾ ਸਨਮਾਨ

ਸ਼ਹੀਦ ਭਾਈ ਬਲਬੀਰ ਸਿੰਘ ਕੋਲੋਵਾਲ ਦੇ ਸਪੁੱਤਰ ਭਾਈ ਹਰਪਾਲ ਸਿੰਘ ਫੌਜੀ ਅਤੇ ਸ਼ਹੀਦ ਭਾਈ ਮੇਜਰ ਸਿੰਘ ਕੋਲੋਵਾਲ ਦੇ ਭਰਾ ਭਾਈ ਕੁਲਵੰਤ ਸਿੰਘ ਨੇ ਸਭ ਸੰਗਤਾਂ ਦਾ ਧੰਨਵਾਦ ਕੀਤਾ। ਕਵੀਸ਼ਰ ਭਾਈ ਗੁਰਸੇਵਕ ਸਿੰਘ ਪੱਧਰੀ ਨੇ ਕਿਹਾ ਕਿ ਇਹ ਸ਼ਹੀਦ ਸਾਡੇ ਇਲਾਕੇ ਦਾ ਮਾਣ ਹਨ ਤੇ ਇਹਨਾਂ ਦੀ ਯਾਦ 'ਚ ਸਲਾਨਾ ਸਮਾਗਮ ਕਰਵਾਇਆ ਜਾਂਦਾ ਹੈ। ਅਸੀਂ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਸੋਚ 'ਤੇ ਪਹਿਰਾ ਦਿੰਦੇ ਰਹਾਂਗੇ ਅਤੇ ਗੁਰਮਤ ਪ੍ਰਚਾਰ ਤੇ ਸਿੱਖ ਸੰਘਰਸ਼ ਨੂੰ ਜਾਰੀ ਰੱਖਾਂਗੇ। ਸਮਾਗਮਾਂ, ਗੁਰਮਤ ਕਲਾਸਾਂ ਤੇ ਗੱਤਕਾ ਸਿਖਲਾਈ ਰਾਹੀਂ ਅਸੀਂ ਆਪਣੇ ਪਨੀਰੀ ਨੂੰ ਸਾਂਭ ਰਹੇ ਹਾਂ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸ਼ਹੀਦਾਂ ਦੀਆਂ ਖੁਸ਼ੀਆਂ ਦੇ ਪਾਤਰ ਬਣਨ ਲਈ ਅਸੀਂ ਕੇਸਾਧਾਰੀ, ਅੰਮ੍ਰਿਤਧਾਰੀ ਤੇ ਸ਼ਸਤਰਧਾਰੀ ਹੋਈਏ ਅਤੇ ਮੜੀਆਂ-ਮਸਾਣਾ, ਦੇਹਧਾਰੀ-ਗੁਰੂਡੰਮ ਤੇ ਹੋਰ ਮਨਮਤਿ ਦਾ ਖਹਿੜਾ ਛੱਡ ਕੇ ਸ੍ਰੀ ਸ਼ਬਦ ਗੁਰੂ ਦੇ ਲੜ ਲੱਗੀਏ। ਇਸ ਮੌਕੇ ਮਠਿਆਈਆਂ, ਪਕੌੜੇ ਤੇ ਗੁਰੂ ਕੇ ਲੰਗਰ ਅਤੁੱਟ ਵਰਤੇ।

ਲੋਕਾਂ ਵੱਲੋਂ ਕੀਤੀ ਜਾ ਰਹੀ ਹੈ ਸ਼ਲਾਘਾ ਤੇ ਕਿਹਾ ਜਾ ਰਿਹਾ ਕਿ ਐਸਐਚ ਓ ਬਹੁਤ ਵਧੀਆ ਕੰਮ ਕਰ ਰਹੇ ਹਨ

# ਪਰਾਲੀ ਨੂੰ ਲੱਗੀ ਹੋਈ ਅੱਗ ਵਿਚ ਵੜ ਗਿਆ ਐੱਸ ਐੱਚ ਓ ਬਲਰਾਜ ਸਿੰਘ

ਫਿਰੋਜ਼ਪੁਰ 4 ਨਵੰਬਰ (ਸੁਖਮੰਦਰ ਸਿੰਘ ਸ਼ਾਤ) ਪੰਜਾਬ ਸਰਕਾਰ ਦੇ ਦਿੱਤੇ ਹੋਏ ਹੁਕਮਾਂ ਦੇ ਅਨੁਸਾਰ ਜੋ ਪਰਾਲੀ ਦੇ ਝੋਨੇ ਦੀ ਪਰਾਲੀ ਦੇ ਅੱਗ ਨੂੰ ਨਾ ਸਾੜਨ ਦੇ ਲਈ ਕਿਸਾਨਾਂ ਨੂੰ ਅਪੀਲ ਕੀਤੀ ਗਈ ਉਸਦੇ ਚਲਦਿਆਂ ਹਰ ਇੱਕ ਠਾਣੇ ਦੇ ਮੁਲਾਜ਼ਮਾਂ ਦੇ ਵੱਲੋਂ ਕਿਸਾਨਾਂ ਦੇ ਨਾਲ ਮੀਟਿੰਗਾਂ ਕੀਤੀਆਂ ਗਈਆਂ ਅਤੇ ਕਿਹਾ ਗਿਆ ਕਿ ਤੁਸੀਂ ਇਹ ਵਾਰ ਝੋਨੇ ਦੀ ਪਰਾਲੀ ਨੂੰ ਅੱਗ ਨਹੀਂ ਲਗਾਉਣੀ। ਪਰ ਅੱਜ ਫਿਰੋਜ਼ਪੁਰ ਦੇ ਥਾਣਾ ਆਰਿਫ ਕੇ ਦੇ ਐਸਐਚ ਓ ਬਲਰਾਜ ਸਿੰਘ ਜੋ ਝੋਨੇ ਦੀ ਪਰਾਲੀ ਨੂੰ ਲੱਗੀ ਹੋਈ ਅੱਗ ਦੇ ਵਿੱਚ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ ਹੀ ਵੜ ਗਏ ਅਤੇ ਬਲਦੀ ਹੋਈ ਅੱਗ ਨੂੰ ਆਪ ਵਿੱਚ ਵੜ ਕੇ ਬੁਝਾਇਆ ਲੱਗ ਗਏ ਤੇ ਕਿਸਾਨ ਨੂੰ ਨੂੰ ਵੀ ਕਿਹਾ ਕਿ ਇਸ ਤਰ੍ਹਾਂ ਤੁਸੀਂ ਅੱਗ ਲਾ ਕੇ ਪ੍ਰਦੂਸ਼ਣ ਨੂੰ ਬੜ੍ਹਾਵਾ ਨਾ ਦਿਓ। ਇਸ ਕਦਮ ਦੀ ਲੋਕਾਂ ਦੇ ਵੱਲੋਂ ਬੜੀ ਸ਼ਲਾਂਗਾ ਕੀਤੀ ਜਾ ਰਹੀ ਹੈ ਤੇ ਲੋਕਾਂ ਦੇ ਵੱਲੋਂ ਕਿਹਾ ਵੀ ਜਾ ਰਿਹਾ ਹੈ ਕਿ ਆਰਫ ਕੇ ਦੇ ਥਾਣੇ ਦੇ ਐਸਐਚ ਓ ਬਲਰਾਜ ਸਿੰਘ ਜੋ ਕਿਸਾਨਾਂ ਦੇ ਨਾਲ ਮੁਲਾਕਾਤ ਕਰਕੇ ਕਾਫੀ ਸਮਝਾਉਣ ਦੇ ਵਿੱਚ ਸੰਭਵ ਰਹੇ ਹਨ।



# ਟਿਕੇ ਦੇ ਤਿਉਹਾਰ ਮੌਕੇ ਬੱਚਿਆਂ ਵਿਚ ਜਿਥੇ ਭੈਣ-ਭਰਾ ਦੇ ਪਿਆਰ ਦਾ ਪ੍ਰਗਟਾਵਾ ਕੀਤਾ, ਉਥੇ ਨੈਤਿਕ ਕਦਰਾਂ-ਕੀਮਤਾਂ ਦਾ ਪ੍ਰਤੀਕ : ਕੁਮਾਰ



**ਫ਼ਿਰੋਜ਼ਪੁਰ, 4 ਨਵੰਬਰ (ਮਨੋਹਰ ਲਾਲ)** :— ਟਿਕੇ ਦੇ ਤਿਉਹਾਰ ਮੌਕੇ ਬੱਚਿਆਂ ਵਿਚ ਜਿਥੇ ਭੈਣ—ਭਰਾ ਦੇ ਪਿਆਰ ਦਾ ਪ੍ਰਗਟਾਵਾ ਕੀਤਾ, ਉਥੇ ਨੈਤਿਕ ਕਦਰਾਂ—ਕੀਮਤਾਂ ਦਾ ਪ੍ਰਤੀਕ, ਜ਼ੋ ਅਲੋਪ ਹੋ ਰਿਹਾ ਹੈ, ਮੁਕਾਬਲੇ ਤੇ ਇਨਾਮ ਦਿੱਤੇ ਗਏ ਸੀ। ਅੱਜ ਇਹ ਵਿਚਾਰ ਜ਼ੋ ਅਲੋਪ ਹੋਣ ਜਾ ਰਹੇ ਹਨ, ਇਨ੍ਹਾਂ ਨੂੰ ਸੁਰਜੀਤ ਕਰਨ ਦੀ ਬਹੁਤ ਲੋੜ ਹੈ ਭੈਣ ਨਾਨਕੀ ਦਾ ਪਿਆਰ ਜ਼ੋ ਇਤਿਹਾਸ ਗਵਾਹ ਹੈ, ਬਾਬਾ ਨਾਨਕ ਦੀ, ਪਹਿਲੀ ਸੇਵਕ ਪਹਿਚਾਨ ਭੈਣ ਨਾਨਕੀ ਸੀ, ਅੱਜ ਹੋ ਪਰਿਵਾਰਾਂ, ਸਮਾਜ, ਦੇਸ਼ ਦੁਨੀਆ ਵਿਚ ਝਗੜੇ ਲੜਾਈਆਂ ਫਸਾਦ ਵੇਖਣ ਨੂੰ ਮਿਲ ਰਹੇ ਹਨ, ਉਨ੍ਹਾਂ ਦੇ ਹੋਰ ਕਾਰਨਾਂ ਤੋਂ ਇਲਾਵਾ ਪਹਿਲਾਂ ਕਾਰਨ ਘਰਾਂ ਵਿਚ ਇਨ੍ਹਾਂ ਨਵਿਆਂ ਜਮੀਨਾਂ, ਜਾਇਦਾਦਾਂ ਦੇ ਕਾਨੂੰਨ ਦਿਲੋਂ—ਦਿਨ ਬਨ ਈਰਖਾ ਰਾਗ ਦਵੇਸ਼ ਲੜਾਈ ਦਾ ਕਾਰਨ ਬਣ ਦਿਲਾ ਵਿਚ ਇਕ—ਦੂਜੇ ਪ੍ਰਤੀ ਨਫਰਤ ਲੋਭ ਲਾਲਚ ਬਨ ਇਕ ਦੂਜੇ ਪ੍ਰਤੀ ਮੁਕੱਦਮੇਬਾਜੀਆਂ ਜੋ ਸਾਡੇ ਬਜੁਰਗਾਂ ਦੁਆਰਾ ਅਨੇਕਾਂ ਉਦਾਰਣਾਂ ਮਿਲਦੀਆਂ ਹਨ, ਕਿਨੀਆਂ ਅਦੁਤੀਆਂ ਕੁਰਬਾਨੀਆਂ ਦਿੱਤੀਆਂ, ਭੈਣ ਤੇ ਆਈਆਂ ਮੁਸੀਬਤਾਂ ਮੌਕੇ ਅੱਜ ਭੈਣਾਂ—ਭਰਾਵਾਂ ਤੇ ਭਰਾ—ਭੈਣਾਂ ਦੇਖਨ ਦੇ ਪਿਆਸੇ ਬਨ ਮੁਕੱਦਮੇਬਾਜੀ ਕਰਦੇ ਅਕਸਰ ਦੇਖੇ ਜਾਂਦੇ ਹਨ, ਆਓ ਅੱਜ ਖੋਹੀ ਹੋਈ ਸੰਸਕ੍ਰਿਤੀ ਪਿਆਰ ਜਿਹੜਾ ਘਰ ਸਮਾਜ, ਦੇਸ਼ ਦੁਨੀਆਂ ਵਿਚ ਅਲੋਪ ਹੋਣ ਜਾ ਰਿਹਾ ਹੈ, ਜ਼ੋ ਇਨ੍ਹਾਂ ਤਿਉਹਾਰਾਂ ਵਿਚ ਮਿਲਦਾ ਇਹ ਵਿਚਾਰ ਰੋਜਾਨਾ ਪੀ.ਸ੍ਰੀ ਮਾਰ ਉੱਘੇ ਸਮਾਜ ਸੇਵਕ ਸੇਵਾ ਮੁਕਤ ਮਾਸ ਮੀਡੀਆ ਅਫਸਰ ਸੀਨੀਅਰ ਸਿਟੀਜਨ ਵੱਲੋਂ ਰੋਜਾਨਾ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਸਕੂਲਾਂ ਵਿਚ ਰੱਖੇ, ਆਪਣੇ ਸਾਥੀਆਂ ਅਧਿਆਪਕਾਂ ਦੇ ਸਹਿਯੋਗ ਨਾਲ ਉਪਰਾਲਾ ਕਰਕੇ ਇਨ੍ਹਾਂ ਤਿਉਹਾਰਾਂ ਦੀ ਮਹੱਤਤਾ, ਸਮੇਂ ਦੀ ਮੰਗ ਲੋੜ ਨੂੰ ਧਿਆਨ ਵਿਚ ਰੱਖਦੇ ਹੋਏ ਘਰਾਂ, ਸਕੂਲਾਂ, ਸਮਾਜ ਜ਼ੋ ਅੱਜ ਖੇਰੂ—ਖੇਰੂ, ਪਰਿਵਾਰਕ ਝਗੜੇ ਜਿਨ੍ਹਾਂ ਸਦਕਾ ਦੇਸ਼ ਦੀ ਏਕਤਾ, ਅਖੰਡਤਾ, ਭਾਈਚਾਰਾ ਖਤਰੇ ਵਿਚ ਪੈ ਗਿਆ, ਫਿਰ ਬਹਾਲ ਕਰਨਾ ਅਜਿਹੇ ਕਾਨੂੰਨ ਜ਼ੋ ਭੈਣ—ਭਰਾ, ਪਰਿਵਾਰ ਵਿਚ ਸਾਂਝ ਨੂੰ ਘੌਰਾ ਲਗਾ ਕੁਰਾਹਟ ਪੈਦਾ ਕਰ ਅਰਾਜਕਤਾ ਵੱਲ ਲਿਜਾ ਰਹੇ ਹਨ, ਫਿਰ ਸੋਚਣ ਵਿਚਾਰਣ ਦੀ ਲੋੜ ਹੈ ਤਾਂ ਜ਼ੋ ਸਾਡੀ ਪੁਰਾਣੀ ਸਾਂਝ ਸੰਸਕ੍ਰਿਤੀ ਵਿਚਾਰਧਾਰਾ ਬਹਾਲ ਹੋ ਸਕਦਾ, ਵਸਦਾ ਪੰਜਾਬ ਹੀ ਨਹੀਂ ਦੇਸ਼ ਦੁਨੀਆਂ ਜ਼ੋ ਇਕ ਵਿਉਪਾਰ ਬਨਣ ਜਾ ਰਹੀ ਹੈ, ਬਚਾਇਆ ਜਾ ਸਕੇ। ਇਸ ਤੇ ਸਕੂਲਾਂ ਵਿਚ ਬੱਚਿਆਂ ਦੀ ਭਾਈਚਾਰਕ ਸਾਂਝ ਜ਼ੋ ਅਲੋਪ ਹੋਣ ਜਾ ਰਹੀ ਹੈ, ਬਚਾਉਣ ਲਈ ਮੁਕਾਬਲੇ ਕਰਵਾਏ ਗਏ ਤੇ ਬੱਚਿਆਂ, ਅਧਿਆਪਕਾਂ ਨੂੰ ਸਨਮਾਨਿਤ ਕੀਤਾ ਗਿਆ ਤੇ ਹਰ ਤਿਉਹਾਰ ਸਕੂਲ ਵਿਚ ਮਨਾਉਣ ਦਾ ਪ੍ਰਣ ਲਿਆ। ਅਖੀਰ ਵਿਚ ਸਭਨਾਂ ਦਾ ਧੰਨਵਾਦ ਕੀਤਾ ਗਿਆ।

# ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ "ਬਾਬਾ ਵਿਸ਼ਵਕਰਮਾ ਦਿਵਸ"




**ਤਲਵੰਡੀ ਸਾਬੋ, 04 ਨਵੰਬਰ (ਗੁਰਜੰਟ ਸਿੰਘ ਨਥੇਹਾ)**-ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਇੰਜੀਨਿਅਰਿੰਗ ਐਂਡ ਟੈਕਨਾਲੋਜੀ ਵੱਲੋਂ ਬਾਬਾ ਵਿਸ਼ਵਕਰਮਾ ਦਿਵਸ, ਵਰਸਿਟੀ ਦੀ ਵਰਕਸ਼ਾਪ ਵਿਖੇ ਬੜੀ ਸ਼ਰਧਾਪੂਰਵਕ ਮਨਾਇਆ ਗਿਆ। ਇਸ ਮੌਕੇ ਡਾ. ਗੁਰਜੀਤ ਸਿੰਘ ਖਾਲਸਾ ਵੱਲੋਂ ਸਰਬਤ ਦੇ ਭਲੇ ਅਤੇ ਲੋਕਾਈ ਦੀ ਚੜਦੀਕਲਾ ਵਿੱਚ ਰਹਿਣ ਦੀ ਅਰਦਾਸ ਕੀਤੀ ਗਈ ਤੇ ਇਸ ਉਪਰੰਤ ਸਮੂਹ ਸੰਗਤਾਂ ਨੂੰ ਕੜਾਹ ਪ੍ਰਸ਼ਾਦ ਵਰਤਾਇਆ ਗਿਆ। ਇਸ ਮੌਕੇ ਡੀਨ ਡਾ. ਸਵਤੰਤਰ ਸਿੰਘ ਨੇ ਵਿਸ਼ਵਕਰਮਾ ਦਿਵਸ ਦੇ ਇਤਿਹਾਸ ਅਤੇ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਬਾਬਾ ਵਿਸ਼ਵਕਰਮਾ ਨੂੰ ਬ੍ਰਹਮ ਇੰਜੀਨਿਅਰ ਵੀ ਕਿਹਾ ਜਾਂਦਾ ਹੈ ਤੇ ਇਹ ਮੰਨਿਆ ਜਾਂਦਾ ਹੈ ਕਿ ਉਹ ਪਹਿਲੇ ਵਾਸਤੂ ਇੰਜੀਨੀਅਰ ਸਨ ਜਿਨ੍ਹਾਂ ਨੇ ਪਵਿੱਤਰ ਦਵਾਰਕਾ ਨਗਰੀ ਦਾ ਨਿਰਮਾਣ ਕੀਤਾ। ਉਨ੍ਹਾਂ ਸਭਨਾਂ ਨੂੰ ਬਾਬਾ ਵਿਸ਼ਵਕਰਮਾ ਜੀ ਦੇ ਜੀਵਨ ਤੋਂ ਪ੍ਰੇਰਣਾ ਲੈ ਕੇ ਸਮਾਜ ਦੀ ਭਲਾਈ ਅਤੇ ਨਿੱਘਰ ਸਮਾਜ ਦੀ ਸਿਰਜਣਾ ਕਰਨ ਲਈ ਨਵੀਂਆਂ ਕਾਢਾਂ ਅਤੇ ਲੋਕ ਹਿੱਤ ਵਿੱਚ ਸਿਰਜਣਾਤਮਕ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਔਜ਼ਾਰ ਜਨ ਹਿੱਤ ਅਤੇ ਲੋਕਾਈ ਦੀ ਸੇਵਾ ਕਰਨ ਲਈ ਬਣਾਏ ਗਏ ਹਨ। ਇਸ ਲਈ ਜਨਤਾ ਦਾ ਜੀਵਨ ਖੁਸ਼ਹਾਲ ਅਤੇ ਸੁਖਾਵਾਂ ਬਣਾਉਣ ਲਈ ਸਾਨੂੰ ਨੇਕ ਕਾਰਜ ਕਰਨੇ ਚਾਹੀਦੇ ਹਨ। ਇਸ ਪਵਿੱਤਰ ਦਿਹਾੜੇ ਤੇ 'ਵਰਸਿਟੀ ਦੇ ਸਮੂਹ ਮਕੈਨੀਕਲ, ਇਲੈਕਟ੍ਰਿਕਲ, ਸਿਵਲ ਇੰਜੀਨੀਅਰਾਂ, ਪਲੰਬਿੰਗ, ਕਾਰਪੇਂਟਰ, ਸਿਵਲ, ਵੈਲਡਰ ਅਤੇ ਟੈਕਨੀਕਲ ਕਾਮਿਆਂ ਨੇ ਭਗਵਾਨ ਵਿਸ਼ਵ ਕਰਮਾ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਅਤੇ ਔਜ਼ਾਰਾਂ ਦੀ ਪੂਜਾ ਕੀਤੀ। ਸਮਾਰੋਹ ਮੌਕੇ ਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰਾਂ, ਅਧਿਕਾਰੀਆਂ, ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਰਲ-ਮਿਲ ਕੇ ਚਾਹ ਦਾ ਲੰਗਰ ਛਕਿਆ।

# 4 ਨਵੰਬਰ 2017 ਵਾਲੇ ਦਿਨ, ਮੋਗਾ ਪੁਲਸ ਨੇ ਸਕਾਟਲੈਂਡ ਦੇ ਡੰਬਰਟਨ ਦੇ ਰਹਿਣ ਵਾਲੇ, ਬ੍ਰਤਾਨਵੀ ਨਾਗਰਿਕ ਸਰਦਾਰ ਜਗਤਾਰ ਸਿੰਘ ਜੌਹਲ ਉਰਫ਼ ਜੱਗੀ ਜੌਹਲ ਨੂੰ ਗ੍ਰਿਫ਼ਤਾਰ ਕਰ ਲਿਆ


2 ਅਕਤੂਬਰ 2017 ਵਾਲੇ ਦਿਨ, ਯੂ ਕੇ ਦਾ ਰਹਿਣ ਵਾਲਾ ਜੱਗੀ ਜੌਹਲ, ਬ੍ਰਿਟੇਨ ਤੋਂ ਵਿਆਹ ਕਰਵਾਉਣ ਦੇ ਲਈ ਪੰਜਾਬ ਗਿਆ ਸੀ। ਵਿਆਹ ਕਰਵਾਉਣ ਤੋਂ ਮਗਰੋਂ 4 ਨਵੰਬਰ 2017 ਵਾਲੇ ਦਿਨ ਉਹ ਬਾਹਰ ਘੁੰਮਣ ਜਾਣ ਦੇ ਲਈ ਤਿਆਰੀ ਕਰ ਰਿਹਾ ਸੀ ਕਿ ਮੋਗਾ ਪੁਲਸ ਨੇ ਉਸ ਨੂੰ ਗ੍ਰਿਫ਼ਤਾਰ ਕਰ ਲਿਆ। ਮੋਗਾ ਪੁਲਸ ਉਸ ਨੂੰ ਬਾਘਾਪੁਰਾਣਾ ਪੁਲਸ ਸਟੇਸ਼ਨ ਲੈ ਗਈ ਜਿੱਥੇ ਉਸਦੇ ਖ਼ਿਲਾਫ਼ ਕਈ ਮਾਮਲੇ ਦਰਜ ਕੀਤੇ ਗਏ। ਇਸ ਤੋਂ ਬਾਅਦ ਤਸ਼ੱਦਦਾਂ ਦਾ ਦੌਰ ਸ਼ੁਰੂ ਹੋਇਆ ਅਤੇ ਪੰਜਾਬ ਪੁਲਸ ਤੋਂ ਲੈ ਕੇ ਐੱਨ.ਆਈ.ਏ. ਅਤੇ ਸੀ ਆਈ ਏ ਸਟਾਫ, ਤੱਕ ਨੇ ਜੱਗੀ ਜੌਹਲ ਤੋਂ ਟਾਰਗੇਟ ਕਿਲਿੰਗ ਦੇ ਮਾਮਲੇ ਵਿੱਚ ਪੁੱਛ-ਗਿੱਛ ਕੀਤੀ। ਬਰਤਾਨਵੀ ਨਾਗਰਿਕ ਹੋਣ ਕਰਕੇ, ਬਰਤਾਨੀਆ ਦੀ ਸਰਕਾਰ ਵਲੋਂ ਉਸ ਨੂੰ ਕਾਨੂੰਨੀ ਮਦਦ ਦਿੱਤੀ ਗਈ ਸੀ। ਬ੍ਰਿਟੇਨ ਤੋਂ ਲੈ ਕੇ ਪੰਜਾਬ ਦੀ ਵਿਧਾਨਸਭਾ ਤੱਕ ਜੱਗੀ ਜੌਹਲ ਦੀ ਗ੍ਰਿਫ਼ਤਾਰੀ ਦਾ ਮੁੱਦਾ ਚੁੱਕਿਆ ਗਿਆ ਸੀ। ਮੋਗਾ ਪੁਲਸ ਵਲੋਂ 2016 ਦੇ ਵਿੱਚ ਫਰੀਦਕੋਟ ਜ਼ਿਲ੍ਹੇ ਦੇ ਡੇਰਾ ਕੂੜ ਸੌਦਾ ਦੇ ਪ੍ਰੇਮੀਆਂ ਦੇ ਕਤਲ ਵਿੱਚ ਵੀ ਜੱਗੀ ਜੌਹਲ ਦਾ ਨਾਂ ਸ਼ਾਮਲ ਕੀਤਾ ਗਿਆ ਅਤੇ ਇਸ ਮਾਮਲੇ ਵਿੱਚ ਮੋਗਾ ਪੁਲਸ ਨੇ 75 ਗਵਾਹਾਂ ਵਿਚੋਂ 16 ਦੇ ਬਿਆਨ ਦਰਜ ਕੀਤੇ। ਭਾਂਵੇਂ ਇਸ ਮਾਮਲੇ ਵਿੱਚ ਫ਼ਰੀਦਕੋਟ ਦੀ ਜ਼ਿਲ੍ਹਾ ਅਦਾਲਤ ਵਲੋਂ ਜੱਗੀ ਜੌਹਲ ਅਤੇ 4 ਹੋਰ ਕਥਿੱਤ ਮੁਲਜ਼ਮਾਂ ਨੂੰ ਡੇਰਾ ਕੂੜ ਸੌਦਾ ਦੇ ਪ੍ਰੇਮੀਆਂ ਦੇ ਕਤਲ ਦੇ ਮਾਮਲੇ ਵਿੱਚ ਮੁਕੰਮਲ ਬਰੀ ਕਰ ਦਿੱਤੀ ਸੀ। ਜਗਤਾਰ ਸਿੰਘ ਜੌਹਲ ਉਰਫ਼ ਜੱਗੀ ਜੌਹਲ ਜੋ ਸਕਾਟਲੈਂਡ ਦਾ ਰਹਿਣ ਵਾਲਾ ਹੈ, ਅਪਰਾਧ ਸਾਬਤ ਹੋਏ ਬਿਨਾਂ ਹੀ ਪਿੱਛਲੇ ਛੇ ਸਾਲਾਂ ਤੋਂ ਭਾਰਤ ਅਤੇ ਪੰਜਾਬ ਦੀਆਂ ਜੇਲ੍ਹ ਵਿੱਚ ਤਸ਼ੱਦਦ ਦਾ ਸ਼ਿਕਾਰ ਹੋ ਰਿਹਾ ਹੈ। ਬੀਬੀਸੀ ਦੀ ਰਿਪੋਰਟ ਮੁਤਾਬਿਕ ਉਸ ਪਾਸੋਂ ਕੋਰੇ ਹਲਫੀਆਂ ਬਿਆਨ ਵਾਲੇ ਕਾਗਜ਼ ਉੱਤੇ ਹਸਤਾਖ਼ਰ ਕਰਵਾਉਣ ਲਈ ਤਸ਼ੱਦਦ ਢਾਹੇ ਗਏ। ਸਕਾਟਲੈਂਡ ਦੇ ਡੰਬਰਟਨ ਦਾ ਰਹਿਣ ਵਾਲਾ ਜਗਤਾਰ ਸਿੰਘ ਜੌਹਲ , ਭਾਰਤ ਦੇ ਅੱਤਵਾਦ ਵਿਰੋਧੀ ਕਾਨੂੰਨਾਂ ਤਹਿਤ ਪਿਛਲੇ ਪੰਜ ਸਾਲਾਂ ਤੋਂ ਹਿਰਾਸਤ ਵਿੱਚ ਰੱਖਿਆ ਹੋਇਆ ਹੈ। ਉਸ ਉਪਰ ਕੁਝ ਸੱਜੇਪੱਖੀ ਹਿੰਦੂ ਆਗੂਆਂ ਦੇ ਕਤਲ ਦੀ ਸਾਜਿਸ਼ ਘੜਨ ਦਾ ਕਥਿੱਤ ਦੋਸ਼ ਹੈ। ਅਦਾਲਤੀ ਦਸਤਾਵੇਜ਼ ਵਿੱਚ ਦੋਸ਼ ਇਹ ਹੈ ਕਿ ਜੌਹਲ ਨੇ ਇਸ ਸਾਜ਼ਸ਼ ਨੂੰ ਅੰਜਾਮ ਦੇਣ ਦੇ ਮਨੀ ਲਾਂਡ੍ਰਿੰਗ ਰਾਹੀਂ ਪੈਸੇ ਭੇਜ ਕੇ ਕੁਝ ਕਥਿੱਤ ਅਲਗਵਦੀਆਂ ਦੀ ਮਦਦ ਕੀਤੀ ਅਤੇ ਉਸ ਪਾਸੋਂ ਮਨਵਾਇਆ ਗਿਆ ਕਿ ਉਹ 'ਦਹਿਸ਼ਤਗਰਦੀ ਗਿਰੋਹ' ਦੇ ਮੈਂਬਰ ਸਨ। ਇਸ ਬਾਬਤ ਜੌਹਲ ਦੇ ਵਕੀਲ ਨੇ ਦੱਸਿਆ ਸੀ ਕਿ ਉਸ ਨੇ ਅੰਤਾਂ ਦੇ ਤਸ਼ਦੱਦ ਦੇ ਡਰ ਤੋਂ ਕੁਝ ਖ਼ਾਲੀ ਕਾਗਜ਼ਾਂ ਉਤੇ ਦਸਤਖ਼ਤ ਕਰ ਦਿੱਤੇ ਸਨ ਅਤੇ ਉਸ ਪਾਸੋਂ ਕੈਮਰੇ ਮੂਹਰੇ ਕੁਝ ਲਾਈਨਾਂ ਵੀ ਬੋਲਣ ਦੇ ਲਈ ਉਸ ਉਪਰ ਤਸ਼ੱਦਦ ਕੀਤਾ ਗਿਆ ਸੀ। ਜੌਹਲ ਦੀ ਕਾਨੂੰਨੀ ਟੀਮ ਨੇ ਨਵੰਬਰ 2017 ਵਿੱਚ ਉਨ੍ਹਾਂ ਦੀ ਗ੍ਰਿਫਤਾਰੀ ਤੋਂ ਥੋੜ੍ਹੀ ਦੇਰ ਬਾਅਦ ਇੱਕ ਹੱਥ ਲਿਖਤੀ ਪੱਤਰ ਵਿੱਚ ਉਸ ਉੱਤੇ ਤਸ਼ੱਦਦ ਕਿਵੇਂ ਵਾਪਰਿਆ ਦੇ ਇਲਜ਼ਾਮਾਂ ਦਾ ਵੇਰਵਾ ਦਿੱਤਾ ਗਿਆ ਹੈ। ਇਸ ਪੱਤਰ ਵਿੱਚ ਦਸਿਆ ਗਿਆ ਹੈ, ਕਿ ਕੰਨਾਂ ਦੀ ਪੇਪੜੀਆਂ, ਨਿੱਪਲਾਂ ਅਤੇ ਅੰਦਰੂਨੀ ਹਿੱਸਿਆਂ ਉਤੇ ਕਰੋਕੋਡਾਈਲ ਕਲਿੱਪ ਲਗਾ ਕੇ ਉਸਨੂੰ ਬਿਜਲੀ ਦੇ ਝਟਕੇ ਦਿੱਤੇ ਜਾਂਦੇ ਰਹੇ। 10 ਜਨਵਰੀ 2020 ਵਾਲੇ ਦਿਨ ਜਗਤਾਰ ਸਿੰਘ ਉਰਫ਼ ਜੱਗੀ ਜੌਹਲ ਨੂੰ ਇਕ ਹੋਰ ਕੇਸ ਵਿਚੋਂ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਜ਼ਮਾਨਤ ਦੇ ਦਿੱਤੀ ਸੀ। ਪਰ ਉਸਦੀ ਰਿਹਾਈ ਨਹੀਂ ਸੀ ਹੋ ਸਕੀ ਕਿਉਂਕਿ ਅਜੇ ਕਈ ਹੋਰ ਕਥਿਤ ਕਥਿਤ ਕੇਸ ਉਸ ਉਪਰ ਬਾਕੀ ਹਨ। ਬੀ ਬੀ ਸੀ ਦੀ ਇੱਕ ਰਿਪੋਰਟ ਦੇ ਮੁਤਾਬਿਕ, ਬ੍ਰਿਟੇਨ ਦੇ ਭਾਰਤੀ ਮੂਲ ਦੇ ਨਾਗਰਿਕ ਜਗਤਾਰ ਸਿੰਘ ਜੌਹਲ ਨੂੰ ਪੰਜਾਬ ਪੁਲਿਸ ਵਲੋਂ ਅਗਵਾਹ ਕੀਤੇ ਜਾਣ ਅਤੇ ਫਿਰ ਤਸ਼ੱਦਦ ਦਿੱਤੇ ਜਾਣ ਦੇ ਮਾਮਲੇ ਵਿੱਚ ਯੂਕੇ ਦੀਆਂ ਖੁਫੀਆ ਏਜੰਸੀਆਂ ਦੀ ਸ਼ਮੂਲੀਅਤ ਦੇ ਇਲਜ਼ਾਮ ਲੱਗ ਰਹੇ ਹਨ ਕਿ

ਆਵਾਜ਼ਿ ਕੌਮ AWAZE QAUM
International Newspaper & WEB TV

ਯੂ ਕੇ ਦੀਆਂ ਖੁਫੀਆ ਏਜੰਸੀਆਂ ਨੇ ਭਾਰਤੀ ਅਧਿਕਾਰੀਆਂ ਨੂੰ ਜੌਹਲ ਬਾਰੇ ਸੂਚਨਾ ਦਿੱਤੀ ਸੀ, ਜਿਸ ਤੋਂ ਬਾਅਦ ਜੌਹਲ ਨੂੰ ਅਗਵਾਹ ਕਰ ਲਿਆ ਗਿਆ। 12 ਸਤੰਬਰ 2023 ਵਾਲੇ ਦਿਨ ਬਰਤਾਨਵੀ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਸੀ ਕਿ ਉਨ੍ਹਾਂ ਨੇ ਜਗਤਾਰ ਸਿੰਘ ਜੌਹਲ ਦੀ ਰਿਹਾਈ ਦਾ ਮੁੱਦਾ ਜੀ 20 ਸਮੇਲਨ ਦੇ ਦੌਰਾਨ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੋਲ ਚੁੱਕਿਆ ਹੈ। ਪ੍ਰਧਾਨ ਮੰਤਰੀ ਰਿਸ਼ੀ ਸੁਨਕ ਉੱਤੇ ਇਹ ਦਬਾਅ ਪਾਇਆ ਜਾ ਰਿਹਾ ਸੀ ਕਿ ਉਹ ਡੰਬਰਟਨ ਦੇ ਰਹਿਣ ਵਾਲੇ ਜਗਤਾਰ ਸਿੰਘ ਜੌਹਲ ਦੀ ਰਿਹਾਈ ਦਾ ਮੁੱਦਾ ਆਪਣੇ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਗੇ ਚੁੱਕਣ। ਇਸ ਸਿਲਸਿਲੇ ਬਰਤਾਨਵੀ ਪਾਰਲੀਮੈਂਟ ਦੇ 70 ਸੰਸਦ ਮੈਂਬਰਾਂ ਨੇ ਪ੍ਰਧਾਨ ਮੰਤਰੀ ਸੁਨਕ ਨੂੰ ਇੱਕ ਪੱਤਰ ਲਿਖ ਕੇ ਵੀ ਇਸ ਮਾਮਲੇ ਵਿੱਚ ਦਖ਼ਲ ਦੇਣ ਲਈ ਕਿਹਾ ਸੀ। ਪਰ 8 ਅਕਤੂਬਰ ਨੂੰ ਬ੍ਰਿਟੇਨ ਦੇ ਪ੍ਰਵਾਸੀ ਮਾਮਲਿਆਂ ਬਾਰੇ ਅਧਿਕਾਰੀਆਂ ਨੇ ਇਸ ਮਾਮਲੇ ਵਿੱਚ ਦਖ਼ਲ ਦੇਣ ਤੋਂ ਇਨਕਾਰ ਕਰ ਦਿੱਤਾ ਸੀ।

**ਭੁੱਲਾਂ ਦੀ ਖਿਮਾ**

**ਗੁਰਦੀਪ ਸਿੰਘ ਜਗਬੀਰ ( ਡਾ.)**




**ਭਾਈ ਜਗਤਾਰ ਸਿੰਘ ਜੌਹਲ ਉਰਫ ਜੱਗੀ ਜੌਹਲ ਨੂੰ ਅੱਜ ਦੇ ਦਿਨ ਪੰਜਾਬ ਪੁਲਿਸ ਵਲੋਂ ਰਾਮਾ ਮੰਡੀ ਜਲੰਧਰ ਤੋਂ ਅਗਵਾ ਕੀਤਾ ਗਿਆ ਸੀ ਅਤੇ ਇੱਕ ਦਰਜਨ ਦੇ ਕਰੀਬ ਝੂਠੇ ਕੇਸਾਂ ਵਿੱਚ ਫਸਾ ਕੇ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹੈ।**


॥ ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
॥ ਸਚੀ ਦਰਗਹ ਜਾਇ ਸਚਾ ਪਿੜ ਮਲਿਆ ॥
ਮਹਾਨ ਪਰਉਪਕਾਰੀ
(ਗਿਆਨੀ ਮਲਕੀਤ ਸਿੰਘ ਜੀ)
ਜਿਨ੍ਹਾਂ ਨੇ ਦਮਦਮੀ ਟਕਸਾਲ ਤੋਂ ਬ੍ਰਹਮ ਵਿੱਦਿਆ ਪ੍ਰਾਪਤ ਕਰਕੇ ਬਹੁਤ ਲੰਬੇ ਸਮਾਂ
ਸਚਖੰਡ ਸ੍ਰੀ ਹਰਮਿੰਦਰ ਸਾਹਿਬ,
ਸ੍ਰੀ ਅਕਾਲ ਤਖਤ ਸਾਹਿਬ, ਪੰਜ ਪਿਆਰਿਆ
ਵਿੱਚ ਸੇਵਾ ਨਿਭਾਈ ਅਤੇ ਸੈਂਕੜੇ ਸਿੰਘਾਂ ਨੂੰ ਨਿਸ਼ਕਾਮ 'ਗੁਰਬਾਣੀ ਸੰਥਿਆ' ਕਰਵਾਕੇ ਅਖੰਡੀ ਪਾਠੀ, ਗ੍ਰੰਥੀ, ਹੈਡ ਗ੍ਰੰਥੀ ਕਥਾਵਾਚਕ, ਗੁਣੀ ਗਿਆਨੀ ਬਣਾਇਆ, ਭਾਈ ਸਾਹਿਬ ਦਾ ਸਮੁੱਚਾ ਜੀਵਨ ਪਰਉਪਕਾਰੀ, ਸੇਵਾ, ਸਿਮਰਨ ਵਾਲਾ ਸੀ ।
ਸਚਖੰਡ ਵਾਸੀ ਗਿਆਨੀ ਮਲਕੀਤ ਸਿੰਘ ਜੀ
Live on
ARK
ਪੰਜਾਬੀ Tv
ਜਿਨ੍ਹਾਂ ਦੀ ਅੰਤਿਮ ਅਰਦਾਸ : ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਛੇਵੀਂ ਪਿੰਡ ਖੰਡੂਰ (ਲੁਧਿ:)
ਸਮਾਂ 11.00 ਵਜੇ ਤੋਂ 2.00 ਵਜੇ ਤੱਕ
ਸਿੰਘ ਸਾਹਿਬ ਰਘਬੀਰ ਸਿੰਘ ਜੀ
ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਜੀ
ਸ੍ਰੀ ਅੰਮ੍ਰਿਤਸਰ ਸਾਹਿਬ
ਭਾਈ ਜਸਵੰਤ ਸਿੰਘ
(ਹਜ਼ੂਰੀ ਰਾਗੀ, ਸ੍ਰੀ ਹਰਮਿੰਦਰ ਸਾਹਿਬ ਜੀ)
ਗਿਆਨੀ ਮਲਕੀਤ ਸਿੰਘ ਜੀ
ਹੈਡ ਗ੍ਰੰਥੀ ਸ੍ਰੀ ਅਕਾਲ ਤਖਤ ਸਾਹਿਬ
ਵਿਸ਼ੇਸ਼ ਤੌਰ ਤੇ ਸਚਖੰਡ ਸ੍ਰੀ ਹਰਮਿੰਦਰ ਸਾਹਿਬ
ਤੋਂ ਸਿੰਘ ਸਾਹਿਬਾਨ
ਅਰਦਾਸੀਆ ਸਿੰਘ ਹਜ਼ੂਰੀ ਰਾਗੀ ਪਹੁੰਚ ਰਹੇ ਹਨ ।
ਗੁਰੂ
ਕਾ ਲੰਗਰ
ਅਤੁੱਟ ਵਰਤੇਗਾ
ਬੇਨਤੀ ਕਰਤਾ : ਸਮੂਹ ਪਰਿਵਾਰ ਅਤੇ ਵਿਦਿਆਰਥੀ


ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਨਵੰਬਰ 1984 ਦੇ ਹਜ਼ਾਰਾਂ ਸ਼ਹੀਦ ਸਿੰਘਾਂ ਸਿੰਘਣੀਆਂ ਨੂੰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ**

# ਸੱਚ ਦੀ ਕੰਧ 'ਤੇ ਮੋਮਬੱਤੀਆਂ ਬਾਲ ਕੇ ਭੇਂਟ ਕੀਤੀ ਸ਼ਰਧਾਂਜਲੀ





ਨਵੀਂ ਦਿੱਲੀ, 4 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 1984 ਦੇ ਹਜ਼ਾਰਾਂ ਸ਼ਹੀਦ ਸਿੰਘਾਂ ਸਿੰਘਣੀਆਂ ਨੂੰ ਸੱਚ ਦੀ ਕੰਧ 'ਤੇ ਮੋਮਬੱਤੀਆਂ ਬਾਲ ਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਸ ਮੌਕੇ ਹਾਜ਼ਰ ਸੰਗਤ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ 40 ਸਾਲਾਂ ਤੋਂ ਸਿੱਖ ਕੌਮ ਇਨਸਾਫ ਦੀ ਉਡੀਕ ਕਰ ਰਹੀ ਹੈ। ਉਹਨਾਂ ਕਿਹਾ ਕਿ ਜਦੋਂ ਸੱਜਣ ਕੁਮਾਰ ਤੇ ਕੁਝ ਹੋਰ ਦੋਸ਼ੀਆਂ ਨੂੰ ਸਜ਼ਾਵਾਂ ਮਿਲੀਆਂ ਤਾਂ ਉਸ ਵੇਲੇ ਸਾਡੇ ਜ਼ਖ਼ਮਾਂ 'ਤੇ ਕੁਝ ਮੱਲ੍ਹਮ ਲੱਗੀ ਸੀ ਪਰ ਹਾਲੇ ਲੰਬੀ ਲੜਾਈ ਬਾਕੀ ਹੈ ਤੇ ਜਗਦੀਸ਼ ਟਾਈਟਲਰ ਤੇ ਕਮਲਨਾਥ ਵਰਗੇ ਹੋਰ ਦੋਸ਼ੀਆਂ ਨੂੰ ਸਜ਼ਾਵਾਂ ਮਿਲਣੀਆਂ ਬਾਕੀ ਹਨ। ਉਹਨਾਂ ਕਿਹਾ ਕਿ ਜਦੋਂ ਤੱਕ 1984 ਦੇ ਸਿੱਖ ਕਤਲੇਆਮ ਦੇ ਸਾਰੇ ਪੀੜਤਾਂ ਨੂੰ ਸੰਪੂਰਨ ਇਨਸਾਫ ਨਹੀਂ ਮਿਲ ਜਾਂਦਾ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਲੜਾਈ ਨੂੰ ਲੜਦੀ ਰਹੇਗੀ ਭਾਵੇਂ ਉਹ ਕਾਨੂੰਨ ਦੀ ਕਚਹਿਰੀ ਦੇ ਅੰਦਰ ਲੜਾਈ ਲੜਨੀ ਪਵੇ ਜਾਂ ਫਿਰ ਸੜਕਾਂ 'ਤੇ ਨਿੱਤਰ ਕੇ ਲੜਾਈ ਲੜਨੀ ਪਵੇ। ਉਹਨਾਂ ਕਿਹਾ ਕਿ ਇਨਸਾਫ ਦੀ ਲੜਾਈ ਲੜਨ ਵਿਚ ਇੰਨਾ ਲੰਬਾ ਸਮਾਂ ਇਸ ਕਰ ਕੇ ਲੱਗ ਗਿਆ ਕਿਉਂਕਿ ਸਾਡੀ ਕੌਮ ਵਿਚ ਕੁਝ ਅਜਿਹੇ ਅਨਸਰ ਵੀ ਸਨ ਜਿਹਨਾਂ ਨੇ ਆਪਣੇ ਵਪਾਰਕ ਹਿੱਤਾਂ ਦੀ ਖ਼ਾਤਰ ਕਤਲੇਆਮ ਦੇ ਦੋਸ਼ੀਆਂ ਨੂੰ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਸੱਦ ਕੇ ਸਨਮਾਨਤ ਕੀਤਾ ਜਾਂਦਾ ਰਿਹਾ ਤੇ ਸਿੱਖ ਕੌਮ ਨੂੰ ਕਤਲੇਆਮ ਨੂੰ ਭੁੱਲਣ ਦੀਆਂ ਸਲਾਹਾਂ ਦਿੱਤੀਆਂ ਜਾਂਦੀਆਂ ਰਹੀਆਂ। ਉਹਨਾਂ ਕਿਹਾ ਕਿ ਅਕਾਲ ਪੁਰਖ ਦੀ ਰਹਿਮਤ ਨਾਲ ਭਾਵੇਂ ਲੜਾਈ ਨੂੰ ਲੰਬਾ ਸਮਾਂ ਲੱਗ ਗਿਆ ਪਰ ਸਾਨੂੰ ਆਸ ਹੈ ਕਿ ਅਸੀਂ ਸਾਰੇ ਦੋਸ਼ੀਆਂ ਨੂੰ ਸਲਾਖਾਂ ਪਿੱਛੇ ਕਰਵਾ ਕੇ ਰਹਾਂਗੇ। ਉਹਨਾਂ ਇਹ ਵੀ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਪੀੜਤਾਂ ਦੀ ਆਰਥਿਕ ਮਦਦ ਕਰਨੀ ਵੀ ਜਾਰੀ ਰੱਖੇਗੀ ਤੇ ਜੇਕਰ ਕੁਝ ਬਕਾਏ ਰਹਿ ਗਏ ਹਨ ਤਾਂ ਉਹ ਵੀ ਜਲਦੀ ਹੀ ਅਦਾ ਕੀਤੇ ਜਾਣਗੇ।



**ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ**

# ਪ੍ਰਬੰਧਾਂ ਸਬੰਧੀ ਅਧਿਕਾਰੀਆਂ ਨਾਲ ਕੀਤੀ ਇਕੱਤਰਤਾ



**ਨਵੀਂ ਦਿੱਲੀ, 4 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਦਫ਼ਤਰੀ ਕੰਮ-ਕਾਜ ਨੂੰ ਹੋਰ ਸਚਾਰੂ ਢੰਗ ਨਾਲ ਚਲਾਉਣ ਲਈ ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨਾਲ ਇਕੱਤਰਤਾ ਕੀਤੀ। ਇਸ ਮੌਕੇ ਉਨ੍ਹਾਂ ਇਕੱਤਰਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਕੌਮ ਦੀ ਪ੍ਰਤੀਨਿਧ ਧਾਰਮਿਕ ਸੰਸਥਾ ਸ਼੍ਰੋਮਣੀ ਕਮੇਟੀ ਤੋਂ ਸੰਗਤਾਂ ਨੂੰ ਵੱਡੀਆਂ ਆਸਾਂ ਹਨ। ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਨੂੰ ਗੁਰਮਤਿ ਆਸ਼ੇ ਅਤੇ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਚਲਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਸੰਸਥਾ ਦੇ ਕੰਮ-ਕਾਜ ਨੂੰ ਹੋਰ ਚੁਸਤ-ਦਰੁਸਤ ਕਰਨ ਲਈ ਸਾਨੂੰ ਸਾਰਿਆਂ ਨੂੰ ਸਾਂਝੇ ਰੂਪ ਵਿੱਚ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਆਪੋ-ਆਪਣੇ ਮਹਿਕਮੇ ਦੀ ਕਾਰਗੁਜ਼ਾਰੀ ਨੂੰ ਹੋਰ ਤਸੱਲੀਬਖ਼ਸ਼ ਬਣਾ ਕੇ ਰੋਲ ਮਾਡਲ ਬਣਨ ਲਈ ਕਿਹਾ। ਇਕੱਤਰਤਾ ਦੌਰਾਨ ਹਾਜ਼ਰ ਸਮੂਹ ਅਧਿਕਾਰੀਆਂ ਨੇ ਮੁੱਖ ਸਕੱਤਰ ਨੂੰ ਯਕੀਨ ਦਵਾਇਆ ਕਿ ਉਹ ਸੰਸਥਾ ਪ੍ਰਤੀ ਦਫ਼ਤਰ ਵੱਲੋਂ ਲੱਗੀ ਹਰੇਕ ਜ਼ੁੰਮੇਵਾਰੀ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਨਾਮ ਸਿੰਘ ਜੱਸਲ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਪ੍ਰੀਤਪਾਲ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ ਸਿੰਘ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਸ. ਗੁਰਚਰਨ ਸਿੰਘ ਕੁਹਾਲਾ, ਸ. ਜਸਵਿੰਦਰ ਸਿੰਘ ਜੱਸੀ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪਰਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਗੁਰਮੀਤ ਸਿੰਘ ਮੁਕਤਸਰੀ, ਸਹਾਇਕ ਸੁਪਰਡੈਂਟ ਸ. ਸੁਰਜੀਤ ਸਿੰਘ ਮੌਜੂਦ ਸਨ।

# ਜਨਤਾ ਮਾਡਰਨ ਸਕੂਲ ਮਹਿਤਾ ਚੌਂਕ ਵਿਖੇ ਲੱਗਾ ਦਿਵਾਲੀ ਮੇਲਾ

**ਚੌਂਕ ਮਹਿਤਾ, 4 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਇਲਾਕੇ ਦੀ ਸਭ ਤੋਂ ਪੁਰਾਣੀ ਅਤੇ ਨਾਮਵਰ ਵਿਦਿਅਕ ਸੰਸਥਾ ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਬਿਲਕੁਲ ਹੀ ਨਿਵੇਕਲੇ ਢੰਗ ਨਾਲ ਸਕੂਲ ਕੰਪਲੈਕਸ ਵਿੱਚ ਦਿਵਾਲੀ ਮੇਲਾ ਲਗਾਇਆ ਗਿਆ। ਜਿਸ ਦੌਰਾਨ ਸਕੂਲ ਨੂੰ ਬਹੁਤ ਹੀ ਖੂਬਸੂਰਤ ਢੰਗ ਨਾਲ ਸਜਾਇਆ ਗਿਆ ਅਤੇ ਸਕੂਲ ਦੇ ਵਿਦਿਆਰਥੀਆਂ ਨੇ ਦਿਵਾਲੀ ਦੇ ਤਿਉਹਾਰ ਦੀ ਖੁਸ਼ੀ ਨੂੰ ਪ੍ਰਗਟ ਕਰਦੇ ਹੋਏ ਭੰਗੜਾ, ਗਿੱਧਾ , ਲੋਕਗੀਤ ਤੇ ਕਵਿਤਾਵਾਂ ਆਦਿ ਪੇਸ਼ ਕਰ ਕੇ ਖੂਬ ਰੰਗ ਬੰਨ੍ਹਿਆ। ਇਸ ਸਮੇਂ ਬੱਚਿਆਂ ਵਲੋਂ ਕਾਰੋਬਾਰ ਵਿਚ ਮੁਹਾਰਤ ਹਾਸਲ ਕਰਨ ਲਈ ਆਪਣੇ ਹੱਥਾਂ ਨਾਲ ਤਿਆਰ ਸਵਾਦਿਸ਼ਟ ਖਾਣ-ਪੀਣ ਦੀਆਂ ਵਸਤੂਆਂ ਦੇ ਸਟਾਲ ਲਗਾਏ ਗਏ । ਜਿਸ ਦਾ ਮੇਲੇ ਵੇਖਣ ਆਏ ਹਾਜ਼ਰੀਨ ਨੇ ਖੂਬ ਆਨੰਦ ਮਾਣਿਆ ਅਤੇ ਵਿਦਿਆਰਥੀਆਂ ਦੇ ਉੱਦਮ ਦੀ ਖੂਬ ਸ਼ਲਾਘਾ ਕੀਤੀ। ਇਸ ਮੌਕੇ ਬੱਚਿਆਂ ਦੇ ਮਨੋਰੰਜਨ ਲਈ ਝੂਲੇ ਵੀ ਲਗਾਏ ਗਏ ਸਨ। ਪ੍ਰੋਗਰਾਮ ਦੇ ਅਖੀਰ ਵਿੱਚ ਸਕੂਲ ਚੇਅਰਮੈਨ ਡਾ. ਪਰਮਜੀਤ ਸਿੰਘ ਸੰਧੂ ਨੇ ਸਮੂਹ ਪਤਵੰਤੇ ਸੱਜਣਾਂ, ਵਿਦਿਆਰਥੀਆਂ ਅਤੇ ਉਨਾਂ ਦੇ ਮਾਪਿਆਂ ਤੇ ਸਕੂਲ ਸਟਾਫ ਨੂੰ ਦਿਵਾਲੀ ਦੇ ਸ਼ੁੱਭ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ ਅਤੇ ਸਭ ਨੂੰ ਗ੍ਰੀਨ ਦੀਵਾਲੀ ਮਨਾਉਣ ਦੀ ਅਪੀਲ ਕੀਤੀ । ਇਸ ਦੌਰਾਨ ਲੋਕਾਂ ਨੇ ਸਕੂਲ ਵਲੋਂ ਕੀਤੇ ਇਸ ਅਲੌਕਿਕ ਉਪਰਾਲੇ ਦੀ ਰੱਜ ਕੇ ਪ੍ਰਸ਼ੰਸਾ ਕੀਤੀ । ਇਸ ਮੌਕੇ ਸਕੂਲ ਡਾਇਰੈਕਟਰ ਸ੍ਰੀਮਤੀ ਸੁਖਬੀਰ ਕੌਰ ਸੰਧੂ, ਡਾਇਰੈਕਟਰ ਡਾ .ਖੁਸ਼ਪ੍ਰੀਤ ਕੌਰ ਸੰਧੂ, ਡਾ. ਜਸਪ੍ਰੀਤ ਸਿੰਘ ਸੰਧੂ, ਸਕੂਲ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਰੰਧਾਵਾ, ਸਮੂਹ ਸਟਾਫ, ਵਿਦਿਆਰਥੀ ਅਤੇ ਉਨਾਂ ਦੇ ਮਾਪੇ ਹਾਜ਼ਰ ਸਨ।



# ਪਹਿਲਵਾਨ ਕਰਨ ਮਾਦੋਕੇ ਦੀ ਦਾਦੀ ਨੂੰ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਚੌਂਕ ਮਹਿਤਾ, 4 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪ੍ਰੀਤਮ ਕੁਸ਼ਤੀ ਅਖਾੜਾ ਕੋਹਾਲੀ ਦੇ ਨਾਮੀਂ ਪਹਿਲਵਾਨ ਕਰਨ ਮਾਦੋਕੇ ਦੇ ਦਾਦੀ ਬੀਬੀ ਸੁਰਜੀਤ ਕੌਰ ਪਤਨੀ ਜੋਗਿੰਦਰ ਸਿੰਘ ਖਿਆਲੀਏ, ਜੋ ਪਿਛਲੇ ਦਿਨੀ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾਂ ਨਮਿਤ ਪਾਠ ਦਾ ਭੋਗ ਉਨ੍ਹਾਂ ਦੇ ਗ੍ਰਹਿ ਮਾਦੋਕੇ ਵਿਖੇ ਪੈਣ ਉਪਰੰਤ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਕੀਰਤਨ ਅਤੇ ਸ਼ਰਧਾਂਜਲੀ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਬੁਲਾਰੇ ਰਣਬੀਰ ਸਿੰਘ ਰਾਣਾ ਲੋਪੋਕੇ, ਸਰਪੰਚ ਲਖਵਿੰਦਰ ਕੌਰ ਮਾਦੋਕੇ ਪਤਨੀ ਗੁਰਜੀਤ ਸਿੰਘ ਘੁੱਕ, ਪ੍ਰੀਤਮ ਕੁਸ਼ਤੀ ਅਖਾੜਾ ਕੋਹਾਲੀ ਦੇ ਕੋਚ ਪਦਾਰਥ ਪਹਿਲਵਾਨ, ਜੋਬਨ ਪਹਿਲਵਾਨ ਭਿੱਟੇਵੱਡ, ਵਰਿੰਦਰ ਪਹਿਲਵਾਨ ਮਾਦੋਕੇ, ਟਹਿਲ ਸਿੰਘ ਸੈਕਟਰੀ, ਸਾਹਿਬ ਸਿੰਘ, ਸੁਖਜਿੰਦਰ ਸਿੰਘ ਚਵਿੰਡੀਆ, ਜਸਬੀਰ ਸਿੰਘ ਬੱਬੀ ਚਵਿੰਡੀਆ, ਬਲਦੇਵ ਸਿੰਘ ਖਿਆਲੀਆ ਸਾਬਕਾ ਐੱਸ.ਪੀ ਆਦਿ ਨੇ ਬੀਬੀ ਸੁਰਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

# ਡੀਟੀਐਫ ਦੀ ਬਰਨਾਲਾ ਰੈਲੀ ਵਿੱਚ ਬਲਾਕ ਸੁਧਾਰ ਤੋਂ ਸ਼ਾਮਿਲ ਹੋਵੇਗਾ ਵੱਡਾ ਜੱਥਾ- ਗੁਰਦੀਪ ਸਿੰਘ ਹੇਰਾਂ

**ਪੰਜਾਬ ਸਰਕਾਰ ਪੇਂਡੂ ਭੱਤੇ ਸਮੇਤ ਸਾਰੇ ਕੱਟੇ ਭੱਤੇ ਬਹਾਲ ਕਰੇ-ਹਰਜੀਤ ਸੁਧਾਰ**




ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਬਹਾਲੀ ਦੇ ਅਹਿਮ ਮਸਲੇ ਨੂੰ ਠੰਡੇ ਬਸਤੇ ਵਿੱਚ ਪਾਉਣ ਅਤੇ ਹੱਕੀ ਮੰਗਾਂ ਪ੍ਰਤੀ ਡੰਗ ਟਪਾਊ ਨੀਤੀਆਂ ਖ਼ਿਲਾਫ਼ ਚੱਲ ਰਹੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਅਧਿਆਪਕਾਂ ਦੀ ਪ੍ਰਤੀਨਿਧ ਜੱਥੇਬੰਦੀ ਡੀ.ਟੀ.ਐਫ. ਵੱਲੋਂ 9 ਨਵੰਬਰ ਨੂੰ ਬਰਨਾਲਾ ਵਿਖੇ ਸੂਬਾ ਪੱਧਰੀ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ ਹੈ।। ਇਸ ਸਬੰਧ ਵਿਚ ਬਲਾਕ ਸੁਧਾਰ ਦੀ ਇੱਕ ਜ਼ਰੂਰੀ ਮੀਟਿੰਗ ਬਲਾਕ ਪ੍ਰਧਾਨ ਗੁਰਦੀਪ ਸਿੰਘ ਹੇਰਾਂ ਅਤੇ ਬਲਾਕ ਸਕੱਤਰ ਜਗਵਿੰਦਰ ਸਿੰਘ ਅਕਾਲਗੜ੍ਹ ਦੀ ਪ੍ਰਧਾਨਗੀ ਵਿੱਚ ਕੀਤੀ ਗਈ ਇਸ ਮੌਕੇ ਤੇ ਜਿਲਾ ਜਨਰਲ ਸਕੱਤਰ ਹਰਜੀਤ ਸਿੰਘ ਸੁਧਾਰ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੀਟਿੰਗ ਸੰਬੰਧੀ ਜਾਣਕਾਰੀ ਦਿੰਦੇ ਹੋਏ ਅਧਿਆਪਕ ਆਗੂਆਂ ਨੇ ਕਿਹਾ ਕਿ ਸਰਕਾਰ ਦੀਆਂ ਟਾਲ ਮਟੋਲ ਦੀਆਂ ਨੀਤੀਆਂ ਤੋਂ ਤੰਗ ਆ ਕੇ ਡੈਮੋਕਰੇਟਿਕ ਟੀਚਰ ਫਰੰਟ ਪੰਜਾਬ ਵੱਲੋਂ ਜੋ ਸੂਬਾ ਪੱਧਰੀ ਰੈਲੀ 9 ਨਵੰਬਰ ਨੂੰ ਬਰਨਾਲਾ ਵਿਖੇ ਕੀਤੀ ਜਾ ਰਹੀ ਹੈ ਉਸ ਵਿੱਚ ਬਲਾਕ ਸੁਧਾਰ ਤੋਂ ਇੱਕ ਵੱਡਾ ਜੱਥਾ ਸ਼ਾਮਿਲ ਹੋਵੇਗਾ। ਆਗੂਆਂ ਨੇ ਦੱਸਿਆ ਕਿ ਜਨਵਰੀ 2004 ਤੋਂ ਬਾਅਦ ਭਰਤੀ ਕੀਤੇ ਗਏ ਮੁਲਾਜ਼ਮਾਂ ਅਤੇ ਅਧਿਆਪਕਾਂ ਦੀ ਹੱਕੀ ਮੰਗ ਪੁਰਾਣੀ ਪੈਨਸ਼ਨ, ਆਪ ਸਰਕਾਰ ਵੱਲੋਂ ਢਾਈ ਸਾਲ ਬੀਤਣ ਦੇ ਬਾਵਜੂਦ ਵੀ ਪੂਰੀ ਨਹੀਂ ਕੀਤੀ ਗਈ। ਇਸ ਸਬੰਧੀ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਕੇ ਮਸਲਾ ਠੰਡੇ ਬਸਤੇ ਵਿੱਚ ਪਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਤੇ ਬਲਾਕ ਦੇ ਅਧਿਆਪਕ ਆਗੂ ਸੀ ਐਚ ਟੀ ਵਰਿੰਦਰ ਪਾਲ ਸਿੰਘ ਮਾਨ ਵੱਲੋਂ ਜਥੇਬੰਦੀ ਨੂੰ 5100 ਦੀ ਵਿੱਤੀ ਮਦਦ ਦਿੱਤੀ ਗਈ। ਇਸ ਮੌਕੇ ਤੇ ਬਲਾਕ ਵਿੱਤ ਸਕੱਤਰ ਰਾਜਕੁਮਾਰ ਸੁਧਾਰ, ਅਵਤਾਰ ਸਿੰਘ ਹਲਵਾਰਾ, ਜਸਪ੍ਰੀਤ ਸੰਘਾ, ਸੁਖਵਿੰਦਰ ਸਿੰਘ ਅਬੂਵਾਲ, ਲਖਵਿੰਦਰ ਸਿੰਘ ਅੱਬੂਵਾਲ, ਮੈਡਮ ਸਰਬਜੀਤ ਕੌਰ ਸਹੌਲੀ ਵੱਲੋਂ ਕੇਂਦਰ ਅਤੇ ਸੂਬਾ ਸਰਕਾਰਾਂ ਦੀਆਂ ਕਾਰਪੋਰੇਟ ਪੱਖੀ ਨੀਤੀਆਂ ਦੀ ਤਿੱਖੀ ਅਲੋਚਨਾਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਨ੍ਹਾਂ ਨੀਤੀਆਂ ਕਾਰਨ ਆਮ ਲੋਕਾਂ ਅਤੇ ਮੁਲਾਜ਼ਮਾਂ ਦਾ ਲਗਾਤਾਰ ਸ਼ੋਸਣ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁਲਾਜਮ 1970 ਦੇ ਦਹਾਕੇ ਵਾਲੀ ਪੁਰਾਣੀ ਪੈਨਸ਼ਨ ਲਾਗੂ ਕਰਨ ਦੀ ਮੰਗ ਕਰ ਰਹੇ ਹਨ ਜਦੋਂ ਕਿ ਸਮੇਂ -ਸਮੇਂ ਦੀਆਂ ਸਰਕਾਰਾਂ ਵੱਲੋਂ ਕੰਟਰੀਬਿਊਟਰੀ ਸਕੀਮ ਤਹਿਤ ਨਵੀਂ ਐਨ. ਪੀ .ਐਸ. ਯੂ ,ਪੀ, ਐਸ,ਪ੍ਰਣਾਲੀ ਵਾਲੀ ਮਾਮੂਲੀ ਪੈਨਸ਼ਨ ਜਬਰੀ ਥੋਪੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇ ਕੇ ਸੱਤਾ ਵਿੱਚ ਆਈ ਆਪ ਸਰਕਾਰ ਵੱਲੋਂ ਨਵੀਂ ਸਿੱਖਿਆ ਨੀਤੀ ਤਹਿਤ ਸੂਬੇ ਦੇ ਮਿੱਡਲ ਸਕੂਲਾਂ ਨੂੰ ਹਾਈ ਸਕੂਲਾਂ ਵਿੱਚ ਮਰਜ਼ ਕਰਨ ਦੀ ਕਵਾਇਦ ਜਾਰੀ ਹੈ। ਇਸ ਤੋਂ ਬਿਨਾਂ ਹਰ ਵਰਗ ਦੀਆਂ ਵਿਭਾਗੀ ਤਰੱਕੀਆਂ ਨੂੰ ਬੇਵਜ੍ਹਾ ਲਟਕਾਇਆ ਜਾ ਰਿਹਾ ਹੈ। ਪੰਜਾਬ ਦੇ ਮੁਲਾਜ਼ਮਾਂ ਦੇ ਪੇਂਡੂ ਭੱਤੇ ਸਮੇਤ 36 ਤਰ੍ਹਾਂ ਦੇ ਕੱਟੇ ਭੱਤੇ ਬਹਾਲ ਕਰਨ ਅਤੇ ਡੀ,ਏ, ਦੀਆਂ ਕਿਸ਼ਤਾਂ ਦੇ ਬਕਾਏ ਜਾਰੀ ਕਰਨ ਤੋਂ ਇਨਕਾਰੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹਰ ਵਾਰ ਚੋਣਾਂ ਦੌਰਾਨ ਪੈਨਸ਼ਨ ਬਹਾਲੀ ਸਮੇਤ ਮੁਲਾਜ਼ਮਾਂ ਨੂੰ ਗੱਲੀਂ ਬਾਤੀਂ ਰਿਉੜੀਆਂ ਵੰਡੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਪੰਜਾਬ ਅਤੇ ਕੇਂਦਰ ਸਰਕਾਰ ਦੀਆਂ ਲੋਕ ਅਤੇ ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਡਟਵੇਂ ਵਿਸ਼ਾਲ ਅਤੇ ਲਗਾਤਾਰ ਸੰਘਰਸ਼ ਦੀ ਲੋੜ ਹੈ। ਆਗੂਆਂ ਨੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਵੱਲੋਂ ਸਮੁੱਚੇ ਅਧਿਆਪਕ ਵਰਗ ਨੂੰ 9 ਨਵੰਬਰ ਦੇ ਬਰਨਾਲਾ ਐਕਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਅਤੇ ਕਾਰਪੋਰੇਟ ਪੱਖੀ ਨੀਤੀਆਂ ਖ਼ਿਲਾਫ਼ ਵਿਸ਼ਾਲ ਸੰਘਰਸ਼ ਲਾਮਬੰਦ ਕੀਤੇ ਜਾਣਗੇ। ਉਨ੍ਹਾਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਬਹਾਲੀ ਸਮੇਤ ਕੱਟੇ ਹੋਏ ਭੱਤਿਆਂ ਦੀ ਬਹਾਲੀ, ਹਰ ਵਰਗ ਦੀਆਂ ਵਿਭਾਗੀ ਤਰੱਕੀਆਂ ਸਮੇਂਤ ਜੁਲਾਈ 2020 ਤੋਂ ਬਾਅਦ ਭਰਤੀ ਕੀਤੇ ਗਏ ਮੁਲਾਜ਼ਮਾਂ ਤੇ ਪੰਜਾਬ ਦਾ ਤਨਖਾਹ ਕਮਿਸ਼ਨ ਤੁਰੰਤ ਲਾਗੂ ਕੀਤਾ ਜਾਵੇ। ਉਹਨਾਂ ਨੇ ਕਿਹਾ ਕਿ ਬਲਾਕ ਸੁਧਾਰ ਤੋਂ ਲਗਭਗ 10 ਗੱਡੀਆਂ ਦਾ ਕਾਫਲਾ ਇਸ ਰੈਲੀ ਵਿੱਚ ਸ਼ਾਮਿਲ ਹੋਵੇਗਾ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
AWAZE QAUM International Newspaper & WEB TV

## ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ।।

# ਜੋਤ ਅਤੇ ਜੁਗਤ ਦੀ ਏਕਤਾ



ਸਿੱਖ ਧਰਮ ਵਿੱਚ ਗੁਰਿਆਈ ਦਾ ਸੰਕਲਪ ਪ੍ਰਮੁੱਖ ਸੰਕਲਪ ਹੈ।ਸਿੱਖ ਪਰੰਪਰਾ ਅਤੇ ਵਿਸ਼ਵਾਸ ਅਨੁਸਾਰ ਸਿੱਖ ਧਰਮ ਦੇ ਪਹਿਲੇ ਗੁਰੂ ਨਾਨਕ ਦੇਵ ਜੀ ਨੂੰ ਗੁਰਿਆਈ ਧੁਰ ਦਰਗਾਹ ਤੋਂ ਹੀ ਪਰਮਾਤਮਾ ਵੱਲੋਂ ਬਖਸ਼ੀ ਗਈ। ਗੁਰੂ ਨਾਨਕ ਦੇਵ ਜੀ ਧੁਰ ਦਰਗਾਹੋਂ ਹੀ ਗੁਰੂ ਥਾਪ ਕੇ ਇਸ ਸ੍ਰਿਸ਼ਟੀ ਤੇ ਭੇਜੇ ਗਏ ਸਨ।

ਜਿਵੇਂ ਅਸੀਂ ਅਕਸਰ ਵੇਖਦੇ ਹਾਂ ਕਿ ਆਮ ਸੰਸਾਰੀ ਜੀਵਾਂ ਨੂੰ ਜੀਵਨ ਨਿਰਬਾਹ ਕਰਨ ਵਾਸਤੇ ਵਾਸਤੇ ਮਿਹਨਤ ਕਰਨੀ ਪੈਂਦੀ ਹੈ

ਆਵਾਜ਼ਿ ਕੌਮ
AWAZE QAUM
International Newspaper & WEB TV

। ਓਹ ਕੀਤੀ ਹੋਈ ਮਿਹਨਤ ਦਾ ਫਲ (ਇਵਜਾਨਾ) ਬਾਅਦ ਵਿੱਚ ਮਿਲਦਾ ਹੈ,ਪਰ ਇਸ ਦੇ ਉਲਟ ਗੁਰੂ ਨਾਨਕ ਸਾਬ ਦੇ ਜੀਵਨ ਅੰਦਰ ਬਖਸ਼ਿਸ਼ ਪਹਿਲਾ ਮਿਲ ਜਾਂਦੀ ਹੈ। ਭਗਤੀ ਰੂਪੀ ਤਪੱਸਿਆ ਬਾਅਦ ਵਿੱਚ ਕੀਤੀ ਜਾਂਦੀ ਹੈ। ਇਸ ਪ੍ਰਥਾਏ ਭਾਈ ਸਾਹਿਬ ਭਾਈ ਗੁਰਦਾਸ ਜੀ ਲਿਖਦੇ ਐ

ਪਹਿਲਾਂ ਬਾਬੇ ਪਾਇਆ ਬਖਸ਼ ਦਰ ਪਿਛੋ ਦੇ ਫਿਰਿ ਘਾਲ ਕਮਾਈ।
ਰੇਤ ਅਕੁ ਆਹਾਰ ਕਰਿ ਰੋੜਾਂ ਕੀ ਗੁਰ ਕਰੀ ਵਿਛਾਈ।

ਗੁਰੂ ਨਾਨਕ ਸਾਹਿਬ ਜੀ ਦਾ ਕੋਈ ਅਧਿਆਤਮਿਕ ਗੁਰੂ ਨਹੀਂ ਸੀ । ਗੁਰੂ ਨਾਨਕ ਸਾਹਿਬ ਨੇ ਬਾਣੀ ਵਿੱਚ ਇਸ ਗੱਲ ਵੱਲ ਸੰਕੇਤ ਕੀਤਾ ਹੈ ਕਿ ਉਹਨਾਂ ਦਾ ਗੁਰੂ ,ਸ਼ਬਦ ਗੁਰੂ ਹੈ

ਸਬਦੁ ਗੁਰੂ ਸੁਰਤਿ ਧੁਨਿ ਚੇਲਾ।।

ਜਿਸ ਨੂੰ ਗੁਰੂ ਸਾਹਿਬ ਨੇ ਪਰਮਾਤਮਾ ਦੇ ਰੂਪ ਵਿੱਚ ਵਿਅਕਤ ਕੀਤਾ ਹੈ , ਸੋ ਇਸ ਪ੍ਰਕਾਰ ਸਿੱਖ ਪਰੰਪਰਾ ਵਿੱਚ ਗੁਰਿਆਈ ਦਾ ਆਰੰਭ ਗੁਰੂ ਨਾਨਕ ਸਾਹਿਬ ਨੂੰ ਧੁਰ ਦਰਗਾਹੋਂ ਗੁਰੂ ਥਾਪੇ ਜਾਣ ਬਾਰੇ ਵਿਸ਼ਵਾਸ ਦ੍ਰਿੜ ਹੈ ।

ਆਪ ਨਰਾਇਣ ਕਲਾਧਾਰ ਜਗ ਮਹਿ ਪਰਵਰਿਓ।।
ਇਕ ਬਾਬਾ ਅਕਾਲ ਰੂਪ ਦੂਜਾ ਰਬਾਬੀ ਮਰਦਾਨਾ।

ਗੁਰੂ ਨਾਨਕ ਸਾਹਿਬ ਅਤੇ ਉਹਨਾਂ ਦੇ ਉੱਤਰਾਧਿਕਾਰੀ ਗੁਰੂ ਸਾਹਿਬਾਨਾਂ ਦੇ ਸੰਸਾਰ ਅੰਦਰ ਆਗਮਨ ਤੋਂ ਪਹਿਲਾਂ ਹੀ ਪਰਮੇਸ਼ਰ ਪ੍ਰਭੂ ਵੱਲੋਂ ਬੇਅੰਤ ਬਖਸ਼ਿਸ਼ਾਂ ਨਾਲ ਨਿਵਾਜਿਆ ਗਿਆ ਸੀ। ਗੁਰੂ ਨਾਨਕ ਸਾਹਿਬ ਤੋਂ ਪਹਿਲਾਂ ਵੀ ਇਸ ਧਰਤੀ ਤੇ ਪਰਉਪਕਾਰ ਕਰਨ ਵਾਲੇ ਜੀਵ ਆਪਣੇ-ਆਪਣੇ ਸਮੇਂ ਅੰਦਰ ਵਿਚਰਦੇ ਹੋਏ, ਸੰਸਾਰ ਨੂੰ ਸੱਚ ਦਾ ਗਿਆਨ ਵੰਡ ਕੇ ਪਰਲੋਕ ਪਿਆਨਾ ਕਰ ਗਏ। ਜਿਸ ਕਾਰਨ ਉਹਨਾਂ ਤੋਂ ਬਾਅਦ ਮਨੁੱਖਤਾ ਅਗਿਆਨਤਾ ਵਿੱਚ ਪੈ ਗਈ । ਮਨੁੱਖਤਾ ਨੂੰ ਅਗਿਆਨਤਾ ਵਿੱਚੋਂ ਕੱਢਣ ਲਈ ਗੁਰੂ ਨਾਨਕ ਸਾਹਿਬ ਜੀ ਨੂੰ ਪਰਮੇਸ਼ਰ ਵੱਲੋਂ ਮਿਲੀ ਗੁਰੂ ਜੋਤਿ 1469 ਈਸਵੀ ਤੋਂ ਲੈ ਕੇ 1708 ਈਸਵੀ ਤੱਕ 239 ਸਾਲ ਦੀ ਲੰਬੀ ਘਾਲਣਾ ਘਾਲਣੀ ਪਈ, ਕਿਉਂਕਿ ਇੱਕ ਜਾਮੇ ਵਿੱਚ ਏਨਾ ਲੰਬਾ ਸਮਾਂ ਇਹ ਕਾਰਜ ਪੂਰਾ ਕਰਨਾ ਸੰਭਵ ਨਹੀਂ ਸੀ।ਗੁਰੂ ਨਾਨਕ ਸਾਹਿਬ ਵੱਲੋਂ ਨਿਰਧਾਰਿਤ ਤੇ ਸਿਧਾਂਤਿਕ ਵਿਚਾਰਧਾਰਾ ਨੂੰ ਹੀ ਵੱਖ-ਵੱਖ ਗੁਰੂ ਸਰੀਰਾਂ ਦੁਆਰਾ ਜੋਤਿ- ਜੁਗਤ ਦੇ ਸਹੀ ਸੁਮੇਲ ਰਾਹੀ ਪ੍ਰਵਾਨ ਚੜਾਇਆ ਗਿਆ। ਜੋਤ ਤੇ ਜੁਗਤ ਦੇ ਸੁਮੇਲ ਰਾਹੀਂ ਹੀ ਭਾਈ ਲਹਿਣਾ ਜੀ ਗੁਰੂ ਅੰਗਦ ਦੇਵ ਜੀ ਬਣ ਗਏ,ਬਜ਼ੁਰਗ ਬਾਬਾ ਅਮਰਦਾਸ ਜੀ,ਗੁਰੂ ਅਮਰਦਾਸ ਜੀ ਬਣ ਗਏ, ਭਾਈ ਜੇਠਾ ਜੀ, ਗੁਰੂ ਅਮਰਦਾਸ ਜੀ ਦੇ ਦਰ ਉੱਤੇ ਸੇਵਾ ਕਰਦੇ ਹੋਏ ਗੁਰੂ ਰਾਮਦਾਸ ਜੀ ਬਣ ਗਏ। ਸਰੀਰ ਉਹੀ ਰਹੇ, ਪਰ ਜਦੋਂ ਇਹ ਸਰੀਰ ਗੁਰੂ ਜੁਗਤ ਨਾਲ ਗੁਰੂ ਜੋਤ ਟਿਕਾਉਣ ਤੇ ਸਮਰੱਥ ਹੋ ਗਏ ਤਾਂ ਗੁਰੂ ਪਦਵੀ ਦੇ ਅਧਿਕਾਰੀ ਕਹਿਲਾਏ ਭਾਵ ਕਿ ਸਰੀਰ ਜਰੂਰ ਬਦਲੇ ਗਏ। ਗੁਰੂ ਜੋਤ ਤੇ ਜੁਗਤ ਉਹੀ ਰਹੀ,ਇਸੇ ਤਰ੍ਹਾਂ ਚੌਥੇ ਪਾਤਸ਼ਾਹ ਗੁਰੂ ਅਮਰਦਾਸ ਜੀ ਦੀ ਬਖਸ਼ਿਸ਼ ਰਾਹੀ ਗੁਰੂ ਰਾਮਦਾਸ ਜੀ ਜੋਤ ਤੇ ਜੁਗਤ ਦੇ ਧਾਰਨੀ ਬਣੇ ਸਨ ।

ਗੁਰਿਆਈ ਬਖਸ਼ਿਸ਼

ਐਸੇ ਸਤਿਗੁਰੂ,ਗੁਰੂ ਅਮਰਦਾਸ ਜੀ ਦੇ ਚਰਨਾਂ ਵਿੱਚ ਗੁਰੂ ਰਾਮਦਾਸ ਜੀ ਨੇ ਸੇਵਾ ਕੀਤੀ । ਕਿਉਂਕਿ 1540 ਈਸਵੀ ਦੇ ਵਿੱਚ ਧੰਨ ਗੁਰੂ ਅਮਰਦਾਸ ਮਹਾਰਾਜ ਗੁਰੂ ਅੰਗਦ ਦੇਵ ਪਾਤਸ਼ਾਹ ਜੀ ਦੇ ਚਰਨਾਂ ਵਿੱਚ ਆਉਂਦੇ ਨੇ, ਤੇ 1540 ਤੋਂ ਲੈ ਕੇ 1552 ਤੱਕ 12 ਸਾਲ ਉਹਨਾਂ ਨੇ ਸੇਵਾ ਕੀਤੀ ਔਰ 1552 ਵਿੱਚ ਜਦੋਂ ਉਹ ਤਖਤ ਤੇ ਬਹਿ ਗਏ ਤਾਂ ਫਿਰ ਗੁਰੂ ਰਾਮਦਾਸ ਜੀ ਉਹਨਾਂ ਦੇ ਚਰਨ ਸ਼ਰਨ ਆਉਂਦੇ ਨੇ ਔਰ ਓ ਗੁਰੂ ਅਮਰਦਾਸ ਮਹਾਰਾਜ ਜਿਨਾਂ ਦੇ ਪ੍ਰਥਾਇ ਭੱਟ ਸਾਹਿਬਾਨ ਕਹਿੰਦੇ ਹਨ।

ਰੁਦ੍ ਧਿਆਨ ਗਿਆਨ ਸਤਿਗੁਰ ਕੇ ਕਬਿ ਜਨ ਭਲ ? ਉਨਹ ਜੁ ਗਾਵੈ ।।
ਭਲੇ ਅਮਰਦਾਸ ਗੁਣ ਤੇਰੇ ਤੇਰੀ ਉਪਮਾ ਤੋਹਿ ਬਨਿ ਆਵੈ।।

ਉਹ ਮਾਲਕ ਪ੍ਰਭੂ ਤਰੁੱਠਿਆ, ਜਿੱਦਣ ਗੁਰੂ ਅਮਰਦਾਸ ਜੀ ਨੇ ਗੋਇੰਦਵਾਲ ਸਾਹਿਬ ਵਸਾਇਆ ਤੇ ਗੁਰੂ ਰਾਮਦਾਸ ਜੀ ਵੀ ਪਹਿਲਾਂ ਲਾਹੌਰ ਤੋਂ ਬਾਸਰਕੇ ਆਏ , ਕਿਉਂਕਿ ਮਾਤਾ ਪਿਤਾ ਸੱਤ ਸਾਲ ਦੀ ਆਰ ਬਲਾ (ਉਮਰ) ਤੱਕ ਚੜ੍ਹਾਈ ਕਰ ਗਏ ਸਨ। ਪਹਿਲਾਂ ਪਾਤਸ਼ਾਹ ਨੇ ਲਾਹੌਰ ਘੁੰਗਣੀਆਂ ਵੇਚੀਆਂ ਫਿਰ ਬਾਸਰਕੇ ਆ ਕੇ ਕਾਰ ਕੀਤੀ , ਉੱਥੇ ਨਾਨੀ ਮਾਤਾ ਏਨੀ ਬਜ਼ੁਰਗ ਸੀ, ਬਹਾ ਕੇ ਤਾਂ ਖਵਾ ਨਹੀਂ ਸੀ ਸਕਦੀ,ਪੜਾ ਨਹੀਂ ਸਕਦੀ ,ਉਥੇ ਵੀ ਘੁੰਗਣੀਆਂ ਵੇਚੀਆਂ ।

ਫਿਰ ਗੁਰੂ ਅਮਰਦਾਸ ਮਹਾਰਾਜ ਜੀ ਗੋਇੰਦਵਾਲ ਸਾਹਿਬ ਵਿਖੇ ਜਦੋਂ ਪਰਿਵਾਰ ਲੈ ਕੇ ਗਏ ਤਾਂ ਉੱਥੇ ਜਾ ਕੇ ਸੇਵਾ ਆਰੰਭ ਕਰ ਦਿੱਤੀ। ਸਤਿਗੁਰ ਦੇ ਪਿਆਰ ਵਾਲਿਉ 1552 ਤੋਂ ਲੈ ਕੇ 1574 ਤੱਕ ਵੇਖੀਏ ਤਾਂ ਇਹ 22 ਸਾਲ ਦਾ ਸਮਾਂ ਬਣਦਾ ਏ,ਮਹਾਰਾਜ ਗੁਰੂ ਅਮਰਦਾਸ ਜੀ 1552 ਤੋਂ ਲੈ ਕੇ 1574 ਤੱਕ ਗੁਰਤਾ ਗੱਦੀ ਤੇ ਰਹੇ ਸਨ ।ਇਹਨਾਂ 22 ਸਾਲਾਂ ਵਿੱਚ ਬਾਬੇ ਜੇਠੇ ਦੇ ਰੂਪ ਵਿੱਚ ਧੰਨ ਗੁਰੂ ਰਾਮਦਾਸ ਜੀ ਨੇ ਸੇਵਾ ਕਮਾਈ ਔਰ ਜਿਹੜੀ ਓਹ ਸੇਵਾ ਕੀਤੀ ਮਾਲਕ ਦੇ ਦਰ ਉੱਤੇ ਉਹਦੇ ਵਿੱਚ ਮਹਾਰਾਜ ਗੁਰੂ ਅਮਰਦਾਸ ਜੀ ਨੇ ਆਪਣੀ ਧੀ ਬੀਬੀ ਭਾਨੀ ਦਾ ਨਾਤਾ ਵੀ ਕੀਤਾ, ਰਿਸ਼ਤਾ ਵੀ ਕੀਤਾ। ਲੇਕਿਨ ਜੀਵਨ ਚਰਿਆ ਸੇਵਾ ਭਾਵਨਾ ਵਾਲੀ ਓਹੀ ਰਹੀ।ਜੋ ਰਿਸ਼ਤਾ ਹੋਣ ਤੋਂ ਪਹਿਲਾਂ ਸੀ, ਜੋ ਰਿਸ਼ਤਾ ਬਣਨ ਤੋਂ ਬਾਅਦ ਵੀ , ਤੇ ਇੱਕ ਦਿਨ ਉਹ ਆ ਗਿਆ ਜਿਸ ਦਿਨ ਦੋਵਾਂ ਜਵਾਈਆਂ ਦੇ ਵਿੱਚੋਂ ਬੀਬੀ ਦਾਨੀ ਦੇ ਪਤੀ ਭਾਈ ਰਾਮਾ ਜੀ ਵੱਡੇ ਜਵਾਈ ,ਬੀਬੀ ਭਾਨੀ ਦੇ ਪਤੀ ਧੰਨ ਗੁਰੂ ਰਾਮਦਾਸ ਜੀ (ਬਾਬਾ ਜੇਠਾ ਜੀ) ਨਿੱਕੇ ਜਵਾਈ।

ਇਕ ਦਿਨ ਓ ਆ ਗਿਆ ਜਿੱਦਣ ਦੋਵਾਂ ਜਵਾਈਆਂ ਨੂੰ ਸਤਿਗੁਰੂ ਗੁਰੂ ਅਮਰਦਾਸ ਜੀ ਨੇ ਬਾਉਲੀ ਸਾਹਿਬ ਦੇ ਨੇੜੇ ਥੜੇ ਬਣਾਉਣ ਲਾ ਦਿੱਤਾ। ਸਵੇਰੇ ਆਖਿਆ ਸ਼ਾਮੀ ਜਾ ਕੇ ਵੇਖੇ ਕਹਿੰਦੇ ਉਸ ਤਰ੍ਹਾਂ ਨਹੀਂ ਬਣੇ ਢਾ ਦਿਓ, ਭਾਈ ਰਾਮਾ ਕਹਿੰਦਾ ਉਸ ਤਰ੍ਹਾਂ ਹੀ ਬਣਾਏ ਨੇ,ਪਰ ਫਿਰ ਦੂਸਰੀ ਵਾਰ ਦੂਸਰੇ ਦਿਨ ਫਿਰ ਬਣਵਾਏ ਗਏ, ਫਿਰ ਢਵਾ ਦਿੱਤੇ । ਕਹਿੰਦੇ ਉਵੇਂ ਤਾਂ ਹੀ ਬਣੇ ਨੇ,ਜਿਵੇਂ ਤੁਸੀਂ ਆਖਿਆ ਸੀ, ਮੈਂ ਤਾਂ ਠੀਕ ਬਣਾਏ ਨੇ ,ਤੁਹਾਨੂੰ ਪਤਾ ਨਹੀਂ ਪਸੰਦ ਕਿਉਂ ਨਹੀਂ ਆਉਂਦੇ। ਤੀਜੇ ਦਿਨ ਫਿਰ ਬਣਵਾ ਕੇ ਢਵਾ ਦਿੱਤੇ ਤੇ ਭਾਈ ਰਾਮਾ ਇਥੋਂ ਤੱਕ ਪਹੁੰਚ ਗਿਆ ਕਹਿੰਦਾ, ਜੀ ਅਸਲ ਵਿੱਚ ਮੈਂ ਨਹੀਂ ਭੁੱਲਦਾ ਤੁਸੀਂ ਜੋ ਸਵੇਰੇ ਕਹਿ ਕੇ ਜਾਂਦੇ ਹੋ ,ਓ ਤੁਹਾਨੂੰ ਸ਼ਾਮਾਂ ਨੂੰ ਭੁੱਲ ਜਾਂਦਾ ਕਿਉਂਕਿ ਆਰ ਬਲਾ (ਉਮਰ) ਬਹੁਤ ਹੋ ਗਈ ਐ। ਗੁਰੂ ਸਾਹਿਬ ਉਸ ਵਕਤ 95 ਸਾਲ ਦੇ ਲਗਭਗ ਸਨ ,ਬਿਰਧ ਸਰੀਰ ਸੀ ਔਰ ਗੁਰੂ ਰਾਮਦਾਸ ਜੀ ਨੂੰ ਜਦੋ ਪੁੱਛਿਆ ਓ ਹੱਥ ਜੋੜ ਕੇ ਕਹਿੰਦੇ ਮਹਾਰਾਜ ਮੈਂ ਅਣਜਾਣ ਮੱਤ ਆਂ। ਤੁਸੀਂ ਤਾਂ ਰੋਜ਼ ਸਮਝਾਉਂਦੇ ਹੋ ਪਰ ਮੈਂ ਸਮਝਦਾ ਨਹੀਂ । ਏ ਥੜਾ ਬਣਨਾ ਵੀ ਨਹੀਂ ,ਜਿੰਨਾ ਚਿਰ ਕਿਰਪਾ ਕਰਕੇ ਆਪ ਨਾ ਬਣਵਾਉ । ਤੋ ਮਹਾਰਾਜ ਨੇ ਘੁੱਟ ਕੇ ਗਲ ਨਾਲ ਲਾਇਆ, ਔਰ ਸਤਿਗੁਰ ਦੇ ਪਿਆਰ ਵਾਲਿਓ..ਗੁਰਤਾ ਗੱਦੀ ਦੀ ਦਾਤ ਧੰਨ ਗੁਰੂ ਰਾਮਦਾਸ ਮਹਾਰਾਜ ਜੀ ਨੂੰ ਬਖਸ਼ ਕੇ ਤਖਤ ਤੇ ਬਿਠਾ ਦਿੱਤਾ।ਭਾਈ ਸਾਹਿਬ ਭਾਈ ਗੁਰਦਾਸ ਜੀ ਲਿਖਦੇ ਹਨ।

ਦਿਚੈ ਪੂਰਬ ਦੇਵਣਾ ਜਿਸ ਦੀ ਵਸਤ ਤਿਸੈ ਘਰਿ ਆਵੈ।।
ਬੈਠਾ ਸੋਢੀ ਪਾਤਸ਼ਾਹ ਰਾਮਦਾਸ ਸਤਿਗੁਰੂ ਕਹਾਵੈ ।।
ਪੂਰਨ ਤਾਲ ਖਟਾਇਆ ਅੰਮ੍ਰਿਤਸਰ ਵਿਚ ਜੋਤ ਜਗਾਵੈ।।

ਔਰ ਉਹ ਦਾਤਾ ਉਹ ਮਾਲਕ ਸਾਹਿਬ ਸੱਚਾ ਪਾਤਸ਼ਾਹ ਜਿਸ ਲਈ ਫਿਰ ਬਾਬੇ ਸੱਤੇ ਬਲਵੰਡ ਨੇ ਆਖਿਆ ਹੈ।

ਧੰਨੁ ਧੰਨੁ ਰਾਮਦਾਸ ਗੁਰੁ ਜਿਨਿ ਸਿਰਿਆ ਤਿਨੈ ਸਵਾਰਿਆ।।
ਪੂਰੀ ਹੋਈ ਕਰਾਮਾਤਿ ਆਪਿ ਸਿਰਜਣਹਾਰੈ ਧਾਰਿਆ।।
ਸਿਖੀ ਅਤੈ ਸੰਗਤੀ ਪਾਰਬ੍ਰਹਮੁ ਕਰਿ ਨਮਸਕਾਰਿਆ ।।

ਰੱਬ ਰੂਪ ਕਹਿ ਕੇ ਨਮਸਕਾਰਿਆ ਗੁਰੂ ਰਾਮਦਾਸ ਜੀ ਨੂੰ । ਔਰ ਅੱਜ ਵੀ ਉਹੀ ਭਾਵਨਾ ਮਹਾਰਾਜ ਤਖਤ ਤੇ ਬੈਠੇ ਗੁਰੂ ਅਮਰਦਾਸ ਜੀ ਕਹਿੰਦੇ ਗੁਰੂ ਰਾਮਦਾਸ ਜੀ ਅੱਜ ਤੁਸੀਂ ਗੁਰੂ ਨਾਨਕ ਸਾਹਿਬ ਦੇ ਘਰ ਦੇ ਚੌਥੇ ਵਾਰਸ, ਗੁਰੂ ਬਣੇ ਓ ਤੁਹਾਡੀ ਰਸਨਾ ਤੋਂ ਸੰਗਤ ਕੁਝ ਸਰਵਣ ਕਰਨਾ ਚਾਹੁੰਦੀ ਤਾਂ ਮਹਾਰਾਜ ਵੈਰਾਗ ਨਾਲ ਭਰ ਗਏ । ਲਾਹੌਰ ਤੋਂ ਲੈ ਕੇ ਬਾਸਰਕੇ ਗੋਇੰਦਵਾਲ ਸਾਹਿਬ ਸਭ ਕੁਝ ਚੇਤੇ ਆ ਗਿਆ। ਸਭ ਮੂੰਹ ਮੋੜ ਗਏ ਸੀ, ਦਾਤਾ ਇੱਕ ਤੂੰ ਸੈਂ।

ਜੋ ਹਮਰੀ ਬਿਧਿ ਹੋਤੀ ਮੇਰੇ ਸਤਿਗੁਰਾ ਸਾ ਬਿਧਿ ਤੁਮ ਹਰਿ ਜਾਣਹੁ ਆਪੇ ।।
ਹਮ ਰੁਲਤੇ ਫਿਰਤੇ ਕੋਈ ਬਾਤ ਨ ਪੂਛਤਾ ਗੁਰ ਸਤਿਗੁਰ ਸੰਗਿ ਕੀਰੇ ਹਮ ਥਾਪੇ।।
ਧੰਨ ਧੰਨ ਗੁਰੂ ਨਾਨਕ ਜਨ ਕੇਰਾ ਜਿਤੁ ਮਿਲਿਐ ਚੂਕੇ ਸਭਿ ਸੋਗ ਸੰਤਾਪੇ।।

ਜਿੱਥੇ ਲੋਕ ਬਚਪਨ ਵਿੱਚ ਕਹਿੰਦੇ ਸਨ ਇਹਦੇ ਮਾਤਾ ਪਿਤਾ ਚਲੇ ਗਏ ,ਕੀ ਕਰੇਗਾ ,ਕਿਵੇਂ ਹੋਏਗਾ ,ਕਿੱਥੇ ਰਹੇਗਾ ,ਅੱਜ ਉਸੇ ਦਾਤੇ ਦੇ ਚਰਨਾਂ ਵਿੱਚ ਸਾਰਾ ਜਗ ਜਾ ਕੇ ਕਹਿੰਦਾ ਹੈ।

ਇਕ ਅਰਦਾਸਿ ਭਾਟਿ ਕੀਰਤ ਕੀ ਗੁਰ ਰਾਮਦਾਸ ਰਾਖਹੁ ਸਰਨਾਈ ।।

ਮਾਲਕ ਮਿਹਰ ਕਰੇ ਸਾਡੇ ਅੰਦਰ ਗੁਰੂ ਦੇ ਪ੍ਰਤੀ ਸ਼ਰਧਾ ਭਾਵਨਾ ਬਣ ਜਾਏ। ਗੁਰੂ ਰਾਮਦਾਸ ਰਹਿਮਤਾਂ ਵੰਡਣ ਵਾਲੇ ਨੇ। ਧੰਨ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸਮੁੱਚੇ ਸੰਸਾਰ ਦੀ ਮਾਨਵਤਾ ਨੂੰ ਬਹੁਤ- ਬਹੁਤ ਵਧਾਈਆਂ ਹੋਣ।




**-ਸਰਵਣ ਸਿੰਘ,**
**ਧਾਰਮਿਕ ਅਧਿਆਪਕ**
**ਸ੍ਰੀ ਗੁਰੂ ਹਰਗੋਬਿੰਦਪੁਰ ਸਾਹਿਬ ਖਾਲਸਾ ਪਬਲਿਕ ਸਕੂਲ,**
**ਸ੍ਰੀ ਹਰਗੋਬਿੰਦਪੁਰ ਸਾਹਿਬ**

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਉੱਘੇ ਸਾਹਿਤਕਾਰ ਅਮਰ ਸਿੰਘ ਸਿੱਧੂ ਦੁਆਰਾ ਰਚਿਤ ਲਘੂ ਫਿਲਮ 'ਸੱਚ ਕੀ ਬੇਲਾ' ਫਿਲਮ ਫੈਸਟੀਵਲ ਚੋਂ ਰਹੀ ਅੱਵਲ




3 ਨਵੰਬਰ, 2024 ਨੂੰ ਸਰਕਾਰੀ ਰਜਿੰਦਰ ਕਾਲਜ ਬਠਿੰਡਾ ਦੇ ਆਡੀਟੋਰੀਅਮ ਵਿੱਚ ਲਘੂ ਫਿਲਮ ਮੁਕਾਬਲਾ 'ਸਾਈਨ ਲਵਰਜ ਫੈਸਟੀਵਲ' ਵੱਲੋਂ ਆਯੋਜਿਤ ਕੀਤਾ ਗਿਆ, ਇਸ ਦਾ ਪ੍ਰਬੰਧ ਪ੍ਰਸਿੱਧ ਲੇਖਕ ਤੇ ਫਿਲਮੀ ਕਲਾਕਾਰ ਜਗਤਾਰ ਭੰਗੂ ਅਤੇ ਮਸ਼ਹੂਰ ਫਿਲਮ ਨਿਰਦੇਸ਼ਕ ਦੇਵੀ ਸ਼ਰਮਾ ਅਤੇ ਖੁਸ਼ਬੂ ਸ਼ਰਮਾ ਜੋੜੀ ਵੱਲੋਂ ਕੀਤਾ ਗਿਆ ।ਬਾਲੀਵੁੱਡ ਤੇ ਪਾਲੀਵੁੱਡ ਦੇ ਕਲਾਕਾਰਾਂ ਤੋਂ ਇਲਾਵਾ ਫਿਲਮ ਪ੍ਰੇਮੀਆਂ ਨਾਲ ਆਡੀਟੋਰੀਅਮ ਦੀ ਰੌਣਕ ਵੇਖਣ ਯੋਗ ਸੀ। ਮੁਕਾਬਲੇ ਲਈ ਸਾਰੀਆਂ ਨਿਯਮਤ ਸਮੇਂ ਅੰਦਰ ਪ੍ਰਾਪਤ ਹੋਈ ਫਿਲਮਾਂ ਦੀ ਗਿਣਤੀ ਲਗਭਗ 100 ਦੇ ਕਰੀਬ ਸੀ ।ਪ੍ਰਾਪਤ ਹੋਈਆਂ ਫਿਲਮਾਂ ਵਿੱਚੋਂ ਅਮਰ ਸਿੰਘ ਸਿੱਧੂ ਵੱਲੋਂ ਲਿਖੀ ਗਈ ਕਹਾਣੀ ਤੇ ਆਧਾਰਿਤ ਬਣੀ ਲਘੂ ਫਿਲਮ 'ਸੱਚ ਕੀ ਬੇਲਾ' ਵੀ ਮੁਕਾਬਲੇ ਚ ਸ਼ਾਮਿਲ ਪ੍ਰਤੀਯੋਗੀ ਸੀ ।ਜਿਸ ਵਿਚ ਉਸਨੇ ਖੁਦ ਇੱਕ ਫਕੀਰ ਦੀ ਭੂਮਿਕਾ ਬਾਖੂਬੀ ਨਿਭਾਉਂਦਿਆਂ ਬਤੌਰ ਅਦਾਕਾਰ ਅਤੇ ਇਕ ਪੁਖਤਾ ਫਿਲਮ ਨਿਰਮਾਤਾ ਵਜੋਂ ਪਹਿਚਾਣ ਬਣਾਈ ਹੈ।" ਸੱਚ ਕੀ ਬੇਲਾ" ਨੂੰ ਬਾਹਰੋਂ ਆਈਆਂ ਫਿਲਮੀ ਹਸਤੀਆਂ ਦੀ ਹਾਜ਼ਰੀ ਵਿਚ ਜੱਜ ਸਾਹਿਬਾਨਾਂ ਵੱਲੋਂ ਅੱਵਲ ਦਰਜਾ ਘੋਸ਼ਤ ਕਰ ਦਿੱਤਾ ।ਅਮਰ ਸਿੰਘ ਸਿੱਧੂ ਪਹਿਲਾਂ ਵੀ ਸਮਾਜ ਨੂੰ ਸੇਧ ਦੇਣ ਵਾਲੀਆਂ ਫਿਲਮਾਂ ਦਾ ਨਿਰਮਾਣ ਕਰ ਚੁੱਕੇ ਹਨ ਜਿਵੇਂ ਕਿ" ਸਕੀਨਾ" " ਜੀਵਨ ਦੀ ਸ਼ਤਰੰਜ" " ਵੱਡਾ ਮਿਸਤਰੀ""ਓਪਰਾ ਆਦਮੀ" ਇਹਨਾਂ ਵੱਲੋਂ ਕਈ ਪੁਸਤਕਾਂ ਵੀ ਲਿਖੀਆਂ ਗਈਆਂ ਹਨ ਅਤੇ ਇਹਨਾਂ ਵੱਲੋਂ ਲਿਖੇ ਕਈ ਗੀਤ ਵੀ ਰਿਕਾਰਡ ਹੋ ਚੁੱਕੇ ਹਨ। ਇਹ ਲੇਖਕ,-ਕਲਾਕਾਰ ਬਠਿੰਡਾ ਦੇ ਸੇਵਾ ਮੁਕਤ ਐਸ ਡੀ ਓ ਹਨ ।ਬਠਿੰਡਾ ਸ਼ਹਿਰ ਨੂੰ ਇਹਨਾਂ ਤੇ ਮਾਣ ਹੈ ।ਇਸ ਸਫਲਤਾ ਦੇ ਇਲਾਕੇ ਦੀਆਂ ਸਮੂਹ ਸਾਹਿਤਕ ਸੰਸਥਾਵਾਂ ਦੇ ਅਹੁਦੇਦਾਰਾਂ ਤੇ ਮੈਬਰਾਨ ਨੇ ਅਮਰ ਸਿੰਘ ਸਿੱਧੂ ਨੂੰ ਮੁਬਾਰਕਬਾਦ ਦਿੱਤੀ ਜਿਹਨਾਂ ਵਿੱਚ ਜਸਪਾਲ ਮਾਨਖੇੜਾ,ਅਮਰਜੀਤ ਸਿੰਘ ਜੀਤ, ਸੁਰਿੰਦਰ ਪ੍ਰੀਤ ਘਣੀਆ, ਕੁਲਦੀਪ ਸਿੰਘ ਬੰਗੀ,ਰਣਜੀਤ ਸਿੰਘ ਗੌਰਵ ,ਮਨਜੀਤ ਸਿੰਘ ਜੀਤ,ਰਣਬੀਰ ਰਾਣਾ,ਬਲਵਿੰਦਰ ਸਿੰਘ ਭੁੱਲਰ, ਸੁਰਿੰਦਰ ਦਮਦਮੀ,ਗੁਰਦੇਵ ਖੋਖਰ, ਜਸਪਾਲ ਜੱਸੀ , ਅਮਨ ਦਾਤੇਵਾਸ , ਰਮੇਸ਼ ਕੁਮਾਰ ਗਰਗ,ਰਮੇਸ਼ ਸੇਠੀ,ਐਡਵੋਕੇਟ ਗੁਰਵਿੰਦਰ ਸਿੰਘ ਅਤੇ ਹੋਰ ਬਹੁਤ ਸਾਰੇ ਸਾਹਿਤਕਾਰ ਸ਼ਾਮਲ ਹਨ।

-ਅਮਰਜੀਤ ਸਿੰਘ ਜੀਤ
9417287122




ਆਵਾਜ਼ਿ ਕੌਮ AWAZE QAUM International Newspaper & WEB TV